ਗੁਰਮੁਖਿ ਹਰਿ ਲੈਨਾ ॥੧॥ਰਹਾਉ॥
ਜਪਿ ਜਪਿ ਨਾਮੁ ਮਨਿ ਭਇਆ ਅਨੰਦਾ ॥ ਸਤਿ ਸਤਿ ਸਤਿਗੁਰਿ ਨਾਮੁ ਮਹਲਾ ੪ ੩੬੭
ਦਿੜਾਇਆ ਰਸਿ ਗਾਏ ਗੁਣ ਪਰਮਾਨੰਦਾ ॥੧॥ਰਹਾਉ॥
ਨਾਮੁ ਜਪਹੁ ਗੁਰਮੁਖਿ ਪਰਗਾਸਾ ॥ ਨਾਮ ਬਿਨਾ ਮੈ ਧਰ ਨਹੀ ਕਾਈ ਨਾਮੁ ਮਹਲਾ ੪ ੩੬੭
ਰਵਿਆ ਸਭ ਸਾਸ ਗਿਰਾਸਾ ॥੧॥ਰਹਾਉ॥
ਹਰਿ ਹਰਿ ਨਾਮੁ ਜਪਿ ਅਨਤ ਤਰੰਗਾ ॥ ਜਪਿ ਜਪਿ ਨਾਮੁ ਗੁਰਮਤਿ ਸਾਲਾਹੀ ਮਹਲਾ ੪ ੩੬੭
ਮਾਰਿਆ ਕਾਲੁ ਜਮਕੰਕਰ ਭੁਇਅੰਗਾ ॥੧॥ਰਹਾਉ॥
ਨਾਮੁ ਜਪਹੁ ਮੇਰੇ ਗੁਰਸਿਖ ਮੀਤਾ ॥ ਨਾਮੁ ਜਪਹੁ ਨਾਮੇ ਸੁਖੁ ਪਾਵਹੁ ਨਾਮੁ ਰਖਹੁ ਮਹਲਾ ੪ ੩੬੭
ਗੁਰਮਤਿ ਮਨਿ ਚੀਤਾ ॥੧॥ਰਹਾਉ॥
ਜੋਗੀ ਹਰਿ ਦੇਹੁ ਮਤੀ ਉਪਦੇਸੁ ॥ ਮਹਲਾ ੪ ੩੬੮
ਜੁਗੁ ਜੁਗੁ ਹਰਿ ਹਰਿ ਏਕੋ ਵਰਤੈ ਤਿਸੁ ਆਗੈ ਹਮ ਆਦੇਸੁ ॥੧॥ਰਹਾਉ॥
ਮੇਰੈ ਮਨਿ ਐਸੀ ਭਗਤਿ ਬਨਿ ਆਈ ॥ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਮਹਲਾ ੪ ੩੬੮
ਸਕਉ ਜੈਸੇ ਜਲ ਬਿਨੁ ਮੀਨੁ ਮਰਿ ਜਾਈ ॥੧॥ਰਹਾਉ॥
ਹਰਿ ਜਨ ਨਾਚਹੁ ਹਰਿ ਹਰਿ ਧਿਆਇ ॥ ਮਹਲਾ ੪ ੩੬੮
ਐਸੇ ਸੰਤ ਮਿਲਹਿ ਮੇਰੇ ਭਾਈ ਹਮ ਜਨ ਕੇ ਧੋਵਹ ਪਾਇ ॥੧॥ਰਹਾਉ॥
ਗੁਰ ਪੂਰੇ ਸਾਬਾਸਿ ਚਲਣੁ ਜਾਣਿਆ ॥ ਮਹਲਾ ੪ ੩੬੯
ਲਾਹਾ ਨਾਮੁ ਸੁ ਸਾਰੁ ਸਬਦਿ ਸਮਾਣਿਆ ॥੧॥ਰਹਾਉ॥
ਜਿਨ੍ ਧੁਰਿ ਲਿਖਿਆ ਲੇਖੁ ਤਿਨ੍ੀ ਨਾਮੁ ਕਮਾਇਆ ॥ ਮਹਲਾ ੪ ੩੬੯
ਦਰਿ ਸਚੈ ਸਚਿਆਰ ਮਹਲਿ ਬੁਲਾਇਆ ॥੧॥ਰਹਾਉ॥
ਹਉ ਅਨਦਿਨੁ ਹਰਿ ਨਾਮੁ ਕੀਰਤਨੁ ਕਰਉ ॥ ਸਤਿਗੁਰਿ ਮੋ ਕਉ ਹਰਿ ਨਾਮੁ ਮਹਲਾ ੪ ੩੬੯
ਬਤਾਇਆ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ॥੧॥ਰਹਾਉ॥

ਮਾਈ ਮੋਰੋ ਪ੍ਰੀਤਮੁ ਰਾਮੁ ਬਤਾਵਹੁ ਰੀ ਮਾਈ ॥ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ਜੈਸੇ ਕਰਹਲੁ ਬੇਲਿ ਰੀਝਾਈ ॥੧॥ਰਹਾਉ॥	ਮਹਲਾ ੪	੩੬੯
ਐਸਾ ਦੇਖਿ ਬਿਮੋਹਿਤ ਹੋਏ ॥ ਸਾਧਿਕ ਸਿਧ ਸੁਰਦੇਵ ਮਨੁਖਾ ਬਿਨੁ ਸਾਧੂ ਸਭਿ ਧ੍ਰੋਹਨਿ ਧ੍ਰੋਹੇ ॥੧॥ਰਹਾਉ॥	ਮਹਲਾ ੫	੩੭੦
ਸੁਨਹੁ ਲੋਕਾ ਮੈ ਪ੍ਰੇਮ ਰਸੁ ਪਾਇਆ ॥ ਦੁਰਜਨ ਮਾਰੇ ਵੈਰੀ ਸੰਘਾਰੇ ਸਤਿਗੁਰਿ ਮੋ ਕਉ ਹਰਿ ਨਾਮੁ ਦਿਵਾਇਆ ॥੧॥ਰਹਾਉ॥	ਮਹਲਾ ੫	੩੭੦
ਸੁਕਰਣੀ ਕਾਮਣਿ ਗੁਰ ਮਿਲਿ ਹਮ ਪਾਈ ॥ ਜਜਿ ਕਾਜਿ ਪਰਥਾਇ ਸੁਹਾਈ ॥੧॥ਰਹਾਉ॥	ਮਹਲਾ ੫	੩੭੦
ਘਰ ਕੀ ਨਾਇਕਿ ਘਰ ਵਾਸੁ ਨ ਦੇਵੈ ॥ ਜਤਨ ਕਰਉ ਉਰਝਾਇ ਪਰੇਵੈ ॥੧॥ਰਹਾਉ॥	ਮਹਲਾ ੫	੩੭੧
ਘਰੁ ਮੇਰਾ ਇਹ ਨਾਇਕਿ ਹਮਾਰੀ ॥ ਇਹ ਆਮਰਿ ਹਮ ਗੁਰਿ ਕੀਏ ਦਰਬਾਰੀ ॥੧॥ਰਹਾਉ ਦੂਜਾ ॥	ਮਹਲਾ ੫	੩੭੧
ਮਹਾ ਅਨੰਦ ਅਚਿੰਤ ਸਹਜਾਇਆ ॥ ਦੁਸਮਨ ਦੂਤ ਮੁਏ ਸੁਖੁ ਪਾਇਆ ॥੧॥ਰਹਾਉ॥	ਮਹਲਾ ੫	੩੭੧
ਸਾਹ ਵਾਪਾਰੀ ਦੁਆਰੈ ਆਏ ॥ ਵਖਰੁ ਕਾਢਹੁ ਸਉਦਾ ਕਰਾਏ ॥੧॥ਰਹਾਉ॥	ਮਹਲਾ ੫	੩੭੨
ਸੁਨਿਬੋ ਸਖੀ ਕੰਤਿ ਹਮਾਰੋ ਕੀਅਲੋ ਖਸਮਾਨਾ ॥ ਕਰੁ ਮਸਤਕਿ ਧਾਰਿ ਰਾਖਿਓ ਕਰਿ ਅਪੁਨਾ ਕਿਆ ਜਾਨੈ ਇਹੁ ਲੋਕੁ ਅਜਾਨਾ ॥੧॥ਰਹਾਉ॥	ਮਹਲਾ ੫	੩੭੨
ਐਸੇ ਬ੍ਰਾਹਮਣ ਡੂਬੇ ਭਾਈ ॥ ਨਿਰਾਪਰਾਧ ਚਿਤਵਹਿ ਬੁਰਿਆਈ ॥੧॥ਰਹਾਉ॥	ਮਹਲਾ ੫	੩੭੨
ਤਪਤਿ ਬੁਝੀ ਗੁਰ ਸਬਦੀ ਮਾਇ ॥ ਬਿਨਸਿ ਗਇਓ ਤਾਪ ਸਭ ਸਹਸਾ ਗੁਰੁ ਸੀਤਲੁ ਮਿਲਿਓ ਸਹਜਿ ਸੁਭਾਇ ॥੧॥ਰਹਾਉ॥	ਮਹਲਾ ੫	੩੭੩
ਅਰੜਾਵੈ ਬਿਲਲਾਵੈ ਨਿੰਦਕੁ ॥ ਪਾਰਬ੍ਰਹਮੁ ਪਰਮੇਸਰੁ ਬਿਸਰਿਆ ਅਪਣਾ ਕੀਤਾ ਪਾਵੈ ਨਿੰਦਕੁ ॥੧॥ਰਹਾਉ॥	ਮਹਲਾ ੫	੩੭੩
ਮਾਈ ਕਹਾ ਕਰਉ ਇਹੁ ਮਨੁ ਨ ਧੀਰੈ ॥ ਪ੍ਰਿਅ ਪ੍ਰੀਤਮ ਬੈਰਾਗੁ ਹਿਰੈ ॥੧॥ਰਹਾਉ॥	ਮਹਲਾ ੫	੩੭੩
ਸੋਹਨੀ ਸਰੂਪਿ ਸੁਜਾਣਿ ਬਿਚਖਨਿ ॥ ਅਤਿ ਗਰਬੈ ਮੋਹਿ ਫਾਕੀ ਤੂੰ ॥੧॥ਰਹਾਉ॥	ਮਹਲਾ ੫	੩੭੪
ਸਭਿ ਰੂਪ ਸਭਿ ਸੁਖ ਬਨੇ ਸੁਹਾਗਨਿ ॥ ਅਤਿ ਸੁੰਦਰਿ ਬਿਚਖਨਿ ਤੂੰ ॥੧॥ਰਹਾਉ ਦੂਜਾ ॥	ਮਹਲਾ ੫	੩੭੪
ਜੀਵਤ ਮੁਏ ਮੁਏ ਸੇ ਜੀਵੇ ॥ ਹਰਿ ਹਰਿ ਨਾਮੁ ਅਵਖਧੁ ਮੁਖਿ ਪਾਇਆ ਗੁਰ ਸਬਦੀ ਰਸੁ ਅੰਮ੍ਰਿਤੁ ਪੀਵੇ ॥੧॥ਰਹਾਉ॥	ਮਹਲਾ ੫	੩੭੪
ਮੂਲੁ ਸਮਾਲਹੁ ਅਚੇਤ ਗਵਾਰਾ ॥ ਇਤਨੇ ਕਉ ਤੁਮ੍ ਕਿਆ ਗਰਬੇ ॥੧॥ ਰਹਾਉ॥	ਮਹਲਾ ੫	੩੭੪
ਇਕੁ ਪਲੁ ਦਿਨਸੁ ਮੋ ਕਉ ਕਬਹੁ ਨ ਬਿਹਾਵੈ ॥ ਦਰਸਨ ਕੀ ਮਨਿ ਆਸ ਘਨੇਰੀ ਕੋਈ ਐਸਾ ਸੰਤੁ ਮੋ ਕਉ ਪਿਰਹਿ ਮਿਲਾਵੈ ॥੧॥ਰਹਾਉ॥	ਮਹਲਾ ੫	੩੭੪
ਹਰਿ ਮੇਰਾ ਸਾਥੀ ਸੰਗਿ ਸਖਾਈ ॥ ਦੁਖਿ ਸੁਖਿ ਸਿਮਰੀ ਤਹ ਮਉਜੂਦੁ ਜਮੁ ਬਪੁਰਾ ਮੋ ਕਉ ਕਹਾ ਡਰਾਈ ॥੧॥ਰਹਾਉ॥	ਮਹਲਾ ੫	੩੭੫

ਮਨ ਕਿਉ ਬੈਰਾਗੁ ਕਰਹਿਗਾ ਸਤਿਗੁਰੁ ਮੇਰਾ ਪੂਰਾ ॥ ਮਨਸਾ ਕਾ ਦਾਤਾ ਸਭ ਸੁਖ ਨਿਧਾਨੁ ਅੰਮ੍ਰਿਤ ਸਰਿ ਸਦ ਹੀ ਭਰਪੂਰਾ ॥੧॥ਰਹਾਉ॥	ਮਹਲਾ ੫	੩੭੫
ਐਸਾ ਹਰਿ ਧਨੁ ਸੰਚੀਐ ਭਾਈ ॥ ਭਾਹਿ ਨ ਜਾਲੈ ਜਲਿ ਨਹੀ ਡੂਬੈ ਸੰਗੁ ਛੋਡਿ ਕਰਿ ਕਤਹੁ ਨ ਜਾਈ ॥੧॥ਰਹਾਉ॥	ਮਹਲਾ ੫	੩੭੫
ਜੋ ਜਨਮੈ ਸੋ ਜਾਨਹੁ ਮੂਆ ॥ ਗੋਵਿੰਦ ਭਗਤੁ ਅਸਥਿਰੁ ਹੈ ਥੀਆ ॥੧॥ਰਹਾਉ॥	ਮਹਲਾ ੫	੩੭੫
ਤੂੰ ਮੇਰੋ ਪਿਆਰੋ ਤਾ ਕੈਸੀ ਭੂਖਾ ॥ ਤੂੰ ਮਨਿ ਵਸਿਆ ਲਗੈ ਨ ਦੂਖਾ ॥੧॥ ਰਹਾਉ॥	ਮਹਲਾ ੫	੩੭੬
ਕਰੈ ਨ ਝਰੈ ਨਾ ਮਨੁ ਰੋਵਨਹਾਰਾ ॥ ਅਵਿਨਾਸੀ ਅਵਿਗਤੁ ਅਗੋਚਰੁ ਸਦਾ ਸਲਾਮਤਿ ਖਸਮੁ ਹਮਾਰਾ ॥੧॥ਰਹਾਉ॥	ਮਹਲਾ ੫	੩੭੬
ਸੁਨੀ ਨ ਜਾਈ ਸਚੁ ਅੰਮ੍ਰਿਤ ਕਾਥਾ ॥ ਰਾਰਿ ਕਰਤ ਝੂਠੀ ਲਗਿ ਗਾਥਾ ॥੧॥ਰਹਾਉ॥	ਮਹਲਾ ੫	੩੭੬
ਬਿਨੁ ਹਰਿ ਨਾਮ ਅਵਰੁ ਸਭੁ ਥੋਰਾ ॥ ਤ੍ਰਿਪਤਿ ਅਘਾਵੈ ਹਰਿ ਦਰਸਨਿ ਮਨੁ ਮੋਰਾ ॥੧॥ਰਹਾਉ॥	ਮਹਲਾ ੫	੩੭੬
ਪੂਰ ਸਮਗ੍ਰੀ ਪੂਰੇ ਠਾਕੁਰ ਕੀ ॥ ਭਰਿਪੁਰਿ ਧਾਰਿ ਰਹੀ ਸੋਭ ਜਾ ਕੀ ॥੧॥ਰਹਾਉ॥	ਮਹਲਾ ੫	੩੭੬
ਊਤਮ ਮਤਿ ਮੇਰੈ ਰਿਦੈ ਤੂੰ ਆਉ ॥ ਧਿਆਵਉ ਗਾਵਉ ਗੁਣ ਗੋਵਿੰਦਾ ਅਤਿ ਪ੍ਰੀਤਮ ਮੋਹਿ ਲਾਗੈ ਨਾਉ ॥੧॥ਰਹਾਉ॥	ਮਹਲਾ ੫	੩੭੭
ਐਸੀ ਗੁਰਮਤਿ ਪਾਈਅਲੇ ॥ ਬੂਡਤ ਘੋਰ ਅੰਧ ਕੂਪ ਮਹਿ ਨਿਕਸਿਓ ਮੇਰੇ ਭਾਈ ਰੇ ॥੧॥ਰਹਾਉ॥	ਮਹਲਾ ੫	੩੭੭
ਹਰਿ ਰਸੁ ਪੀਵੈ ਅਲਮਸਤੁ ਮਤਵਾਰਾ ॥ ਆਨ ਰਸਾ ਸਭਿ ਹੋਛੇ ਰੇ ॥੧॥ਰਹਾਉ॥	ਮਹਲਾ ੫	੩੭੭
ਸੁਣਿ ਸੁੰਦਰਿ ਸਾਧੂ ਬਚਨ ਉਧਾਰੀ ॥ ਦੂਖ ਭੂਖ ਮਿਟੈ ਤੇਰੋ ਸਹਸਾ ਸੁਖ ਪਾਵਹਿ ਤੂੰ ਸੁਖਮਨਿ ਨਾਰੀ ॥੧॥ਰਹਾਉ॥	ਮਹਲਾ ੫	੩੭੭
ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥੧॥ਰਹਾਉ॥	ਮਹਲਾ ੫	੩੭੮
ਤੁਮਰੀ ਓਟ ਤੁਮਾਰੀ ਆਸਾ ॥ ਬੈਠਤ ਊਠਤ ਸੋਵਤ ਜਾਗਤ ਵਿਸਰੁ ਨਾਹੀ ਤੂੰ ਸਾਸ ਗਿਰਾਸਾ ॥੧॥ਰਹਾਉ॥	ਮਹਲਾ ੫	੩੭੮
ਹਰਿ ਜਨ ਲੀਨੇ ਪ੍ਰਭੂ ਛਡਾਇ ॥ ਪ੍ਰੀਤਮ ਸਿਉ ਮੇਰੋ ਮਨੁ ਮਾਨਿਆ ਤਾਪੁ ਮੁਆ ਬਿਖੁ ਖਾਇ ॥੧॥ਰਹਾਉ॥	ਮਹਲਾ ੫	੩੭੮
ਤਾਪੁ ਗਇਆ ਬਚਨਿ ਗੁਰ ਪੂਰੇ ॥ ਅਨਦੁ ਭਇਆ ਸਭਿ ਮਿਟੇ ਵਿਸੂਰੇ ॥੧॥ਰਹਾਉ॥	ਮਹਲਾ ੫	੩੭੮
ਠੰਢੀ ਤਾਤੀ ਮਿਟੀ ਖਾਈ ॥ ਓਹੁ ਨ ਬਾਲਾ ਬੂਢਾ ਭਾਈ ॥੧॥ਰਹਾਉ॥	ਮਹਲਾ ੫	੩੭੮
ਰਾਮ ਨਾਮ ਨਿਤਿ ਜਪਿ ਮਨ ਮੇਰੇ ॥ ਸੀਤਲ ਸਾਂਤਿ ਸਦਾ ਸੁਖ ਪਾਵਹਿ ਕਿਲਵਿਖ ਜਾਹਿ ਸਭੇ ਮਨ ਤੇਰੇ ॥੧॥ਰਹਾਉ॥	ਮਹਲਾ ੫	੩੭੮
ਜਾ ਕਾ ਹਰਿ ਸੁਆਮੀ ਪ੍ਰਭੁ ਬੇਲੀ ॥ ਪੀੜ ਗਈ ਫਿਰਿ ਨਹੀ ਦੁਹੇਲੀ ॥੧॥ਰਹਾਉ॥	ਮਹਲਾ ੫	੩੭੮

ਜਨਮ ਮਰਨ ਚੂਕੇ ਸਭਿ ਭਾਰੇ ॥ ਮਿਲਤ ਸੰਗਿ ਭਇਓ ਮਨੁ ਨਿਰਮਲੁ ਗੁਰਿ ਪੂਰੈ ਮਹਲਾ ੫ ੩੭੯
ਲੈ ਖਿਨ ਮਹਿ ਤਾਰੇ ॥੧॥ਰਹਾਉ॥
ਮੇਰੇ ਸਤਿਗੁਰ ਅਪਨੇ ਬਾਲਿਕ ਰਾਖਹੁ ਲੀਲਾ ਧਾਰਿ ॥ ਮਹਲਾ ੫ ੩੭੯
ਦੇਹੁ ਸੁਮਤਿ ਸਦਾ ਗੁਣ ਗਾਵਾ ਮੇਰੇ ਠਾਕੁਰ ਅਗਮ ਅਪਾਰ ॥੧॥ਰਹਾਉ॥
ਕਾਹੇ ਏਕ ਬਿਨਾ ਚਿਤੁ ਲਾਈਐ ॥ ਮਹਲਾ ੫ ੩੭੯
ਊਠਤ ਬੈਠਤ ਸੋਵਤ ਜਾਗਤ ਸਦਾ ਸਦਾ ਹਰਿ ਧਿਆਈਐ ॥੧॥ਰਹਾਉ॥
ਤੇਰੇ ਜਨ ਰਸਕਿ ਰਸਕਿ ਗੁਣ ਗਾਵਹਿ ॥ ਮਹਲਾ ੫ ੩੮੦
ਮਸਲਤਿ ਮਤਾ ਸਿਆਣਪ ਜਨ ਕੀ ਜੋ ਤੂੰ ਕਰਹਿ ਕਰਾਵਹਿ ॥੧॥ਰਹਾਉ॥
ਨਿੰਦਕਿ ਅਹਿਲਾ ਜਨਮੁ ਗਵਾਇਆ ॥ ਮਹਲਾ ੫ ੩੮੦
ਪਹੁਚਿ ਨ ਸਾਕੈ ਕਾਹੂ ਬਾਤੈ ਆਗੈ ਠਉਰ ਨ ਪਾਇਆ ॥੧॥ਰਹਾਉ॥
ਗੋਵਿੰਦ ਭਜਨ ਕੀ ਮਤਿ ਹੈ ਹੋਰਾ ॥ ਮਹਲਾ ੫ ੩੮੧
ਵਰਮੀ ਮਾਰੀ ਸਾਪੁ ਨ ਮਰਈ ਨਾਮੁ ਨ ਸੁਨਈ ਡੋਰਾ ॥੧॥ਰਹਾਉ॥
ਤੇਰਾ ਜਨੁ ਨਿਰਤਿ ਕਰੇ ਗੁਨ ਗਾਵੈ ॥ ਮਹਲਾ ੫ ੩੮੧
ਰਬਾਬੁ ਪਖਾਵਜ ਤਾਲ ਘੁੰਘਰੂ ਅਨਹਦ ਸਬਦੁ ਵਜਾਵੈ ॥੧॥ਰਹਾਉ॥
ਘਰ ਕੀ ਬਿਲਾਈ ਅਵਰ ਸਿਖਾਈ ਮੂਸਾ ਦੇਖਿ ਡਰਾਈ ਰੇ ॥ ਮਹਲਾ ੫ ੩੮੧
ਅਜ ਕੈ ਵਸਿ ਗੁਰਿ ਕੀਨੋ ਕੇਹਰਿ ਕੂਕਰ ਤਿਨਹਿ ਲਗਾਈ ਰੇ ॥੧॥ਰਹਾਉ॥
ਗੁਰਸਿਖ ਰਾਖੇ ਗੁਰ ਗੋਪਾਲਿ ॥ ਮਹਲਾ ੫ ੩੮੨
ਕਾਢਿ ਲੀਏ ਮਹਾ ਭਵਜਲ ਤੇ ਅਪਨੀ ਨਦਰਿ ਨਿਹਾਲਿ ॥੧॥ਰਹਾਉ॥
ਬਾਬਾ ਬਿਖੁ ਦੇਖਿਆ ਸੰਸਾਰੁ ॥ ਮਹਲਾ ੫ ੩੮੨
ਰਖਿਆ ਕਰਹੁ ਗੁਸਾਈ ਮੇਰੇ ਮੈ ਨਾਮੁ ਤੇਰਾ ਆਧਾਰੁ ॥੧॥ਰਹਾਉ॥
ਦਰਸਨੁ ਪੇਖਤ ਮੈ ਜੀਓ ॥ ਸੁਨਿ ਕਰਿ ਬਚਨ ਤੁਮ੍ਾਰੇ ਸਤਿਗੁਰ ਮਨੁ ਤਨੁ ਮੇਰਾ ਮਹਲਾ ੫ ੩੮੨
ਠਾਰੁ ਥੀਓ ॥੧॥ਰਹਾਉ॥
ਸਤਿਗੁਰੁ ਮੇਰਾ ਸਦਾ ਦਇਆਲਾ ਮੋਹਿ ਦੀਨ ਕਉ ਰਾਖਿ ਲੀਆ ॥ ਕਾਟਿਆ ਰੋਗੁ ਮਹਲਾ ੫ ੩੮੩
ਮਹਾ ਸੁਖੁ ਪਾਇਆ ਹਰਿ ਅੰਮ੍ਰਿਤੁ ਮੁਖਿ ਨਾਮੁ ਦੀਆ ॥੧॥ਰਹਾਉ॥
ਚੀਤਿ ਆਵੈ ਤਾਂ ਸਦਾ ਦਇਆਲਾ ਲੋਗਨ ਕਿਆ ਵੇਚਾਰੇ ॥ ਮਹਲਾ ੫ ੩੮੩
ਬੁਰਾ ਭਲਾ ਕਹੁ ਕਿਸ ਨੋ ਕਹੀਐ ਸਗਲੇ ਜੀਅ ਤੁਮ੍ਾਰੇ ॥੧॥ਰਹਾਉ॥
ਮਿਲਉ ਪਰੀਤਮ ਸੁਆਮੀ ਅਪੁਨੇ ਸਗਲੇ ਦੂਖ ਹਰਉ ਰੇ ॥ ਮਹਲਾ ੫ ੩੮੩
ਪਾਰਬ੍ਰਹਮੁ ਜਿਨਿ੍ ਰਿਦੈ ਅਰਾਧਿਆ ਤਾ ਕੈ ਸੰਗਿ ਤਰਉ ਰੇ ॥੧॥ਰਹਾਉ॥
ਮੋਹ ਮਲਨ ਨੀਦ ਤੇ ਛੁਟਕੀ ਕਉਨੁ ਅਨੁਗ੍ਰਹੁ ਭਇਓ ਰੀ ॥ ਮਹਲਾ ੫ ੩੮੩
ਮਹਾ ਮੋਹਨੀ ਤੁਧੁ ਨ ਵਿਆਪੈ ਤੇਰਾ ਆਲਸੁ ਕਹਾ ਗਇਓ ਰੀ ॥੧॥ਰਹਾਉ॥
ਕਵਨ ਬਨੀ ਰੀ ਤੇਰੀ ਲਾਲੀ ॥ ਕਵਨ ਰੰਗਿ ਤੂੰ ਭਈ ਗੁਲਾਲੀ ॥੧॥ਰਹਾਉ॥ ਮਹਲਾ ੫ ੩੮੪
ਸੁਨਿ ਰੀ ਸਖੀ ਇਹ ਹਮਰੀ ਘਾਲ ॥ ਮਹਲਾ ੫ ੩੮੪
ਪ੍ਰਭ ਆਪਿ ਸੀਗਾਰਿ ਸਵਾਰਨਹਾਰ ॥੧॥ਰਹਾਉ ਦੂਜਾ ॥
ਚੁਕਾ ਨਿਹੋਰਾ ਸਖੀ ਸਹੇਰੀ ॥ ਭਰਮੁ ਗਇਆ ਗੁਰਿ ਪਿਰ ਸੰਗਿ ਮੇਰੀ ਮਹਲਾ ੫ ੩੮੪
॥੧॥ਰਹਾਉ॥

ਬਾਹਰਿ ਸੂਤੁ ਸਗਲ ਸਿਉ ਮਉਲਾ ॥ ਅਲਿਪਤੁ ਰਹਉ ਜੈਸੇ ਜਲ ਮਹਿ ਕਉਲਾ ॥੧॥ਰਹਾਉ॥	ਮਹਲਾ ੫	੩੮੪
ਕਾਨ ਕੁੰਡਲੀਆ ਬਸਤ੍ਰ ਓਢਲੀਆ ॥ ਸੇਜ ਸੁਖਲੀਆ ਮਨਿ ਗਰਬਲੀਆ ॥੧॥ਰਹਾਉ॥	ਮਹਲਾ ੫	੩੮੫
ਐਸਾ ਕਰਹੁ ਬੀਚਾਰੁ ਗਿਆਨੀ ॥ ਜਾ ਤੇ ਪਾਈਐ ਪਦੁ ਨਿਰਬਾਨੀ ॥ ਆਸਿ ਪਾਸਿ ਬਿਖੂਆ ਕੇ ਕੁੰਟਾ ਬੀਚਿ ਅੰਮ੍ਰਿਤੁ ਹੈ ਭਾਈ ਰੇ ॥੧॥ਰਹਾਉ॥	ਮਹਲਾ ੫	੩੮੫
ਸਰਬ ਸੁਖਾ ਬਨੇ ਤੇਰੈ ਓਲ੍ਹੈ ॥ ਭ੍ਰਮ ਕੇ ਪਰਦੇ ਸਤਿਗੁਰ ਖੋਲ੍ਹੇ ॥੧॥ਰਹਾਉ॥	ਮਹਲਾ ੫	੩੮੫
ਸੋ ਅਸਥਾਨੁ ਬਤਾਵਹੁ ਮੀਤਾ ॥ ਜਾ ਕੈ ਹਰਿ ਹਰਿ ਕੀਰਤਨੁ ਨੀਤਾ ॥੧॥ਰਹਾਉ॥	ਮਹਲਾ ੫	੩੮੫
ਸਾਧਸੰਗਿ ਹਰਿ ਕੀਰਤਨੁ ਗਾਈਐ ॥ ਇਹੁ ਅਸਥਾਨੁ ਗੁਰੂ ਤੇ ਪਾਈਐ ॥੧॥ਰਹਾਉ ਦੂਜਾ ॥	ਮਹਲਾ ੫	੩੮੫
ਸਗਲ ਸੂਖ ਜਾਂ ਤੂੰ ਚਿਤਿ ਆਂਵੈਂ ॥ ਸੋ ਨਾਮੁ ਜਪੈ ਜੋ ਜਨੁ ਤੁਧੁ ਭਾਵੈ ॥੧॥ਰਹਾਉ॥	ਮਹਲਾ ੫	੩੮੫
ਸਦਾ ਚੇਰੇ ਗੋਵਿੰਦ ਗੋਸਾਈ ॥ ਤੁਮ੍ਰੀ ਕ੍ਰਿਪਾ ਤੇ ਤ੍ਰਿਪਤਿ ਅਘਾਈ ॥੧॥ਰਹਾਉ॥	ਮਹਲਾ ੫	੩੮੬
ਸ੍ਰਵਨ ਸੁਨੀਜੈ ਅੰਮ੍ਰਿਤ ਕਥਾ ॥ ਜਾਸੁ ਸੁਨੀ ਮਨਿ ਹੋਇ ਅਨੰਦਾ ਦੂਖ ਰੋਗ ਮਨ ਸਗਲੇ ਲਥਾ ॥੧॥ਰਹਾਉ॥	ਮਹਲਾ ੫	੩੮੬
ਅਨਦੁ ਕਰਹੁ ਪ੍ਰਭ ਕੇ ਗੁਨ ਗਾਵਹੁ ॥ ਸਤਿਗੁਰੁ ਅਪਨਾ ਸਦ ਸਦਾ ਮਨਾਵਹੁ ॥੧॥ਰਹਾਉ॥	ਮਹਲਾ ੫	੩੮੬
ਦਰਸਨੁ ਮਾਗਉ ਦੇਹਿ ਪਿਆਰੇ ॥ ਤੁਮਰੀ ਸੇਵਾ ਕਉਨ ਕਉਨ ਨ ਤਾਰੇ ॥੧॥ਰਹਾਉ॥	ਮਹਲਾ ੫	੩੮੬
ਰਾਮ ਰਾਮਾ ਰਾਮਾ ਗੁਨ ਗਾਵਉ ॥ ਸੰਤ ਪ੍ਰਤਾਪਿ ਸਾਧ ਕੈ ਸੰਗੇ ਹਰਿ ਹਰਿ ਨਾਮੁ ਧਿਆਵਉ ਰੇ ॥ ੧॥ਰਹਾਉ॥	ਮਹਲਾ ੫	੩੮੭
ਕਿਲਬਿਖ ਬਿਨਾਸੇ ਦੁਖ ਦਰਦ ਦੂਰਿ ॥ ਭਏ ਪੁਨੀਤ ਸੰਤਨ ਕੀ ਧੂਰਿ ॥੧॥ਰਹਾਉ॥	ਮਹਲਾ ੫	੩੮੭
ਸੂਖ ਸਹਜ ਆਨੰਦੁ ਘਨਾ ॥ ਗੁਰ ਸੇਵਾ ਤੇ ਭਏ ਮਨ ਨਿਰਮਲ ਹਰਿ ਹਰਿ ਹਰਿ ਹਰਿ ਨਾਮੁ ਸੁਨਾ ॥੧॥ਰਹਾਉ॥	ਮਹਲਾ ੫	੩੮੭
ਜਾਗੁ ਰੇ ਮਨ ਜਾਗਨਹਾਰੇ ॥ ਬਿਨੁ ਹਰਿ ਅਵਰੁ ਨ ਆਵਸਿ ਕਾਮਾ ਝੂਠਾ ਮੋਹੁ ਮਿਥਿਆ ਪਸਾਰੇ ॥੧॥ਰਹਾਉ॥	ਮਹਲਾ ੫	੩੮੭
ਜਤ ਕਤ ਪੇਖਉ ਏਕੈ ਓਹੀ ॥ ਘਟ ਘਟ ਅੰਤਰਿ ਆਪੇ ਸੋਈ ॥੧॥ਰਹਾਉ॥	ਮਹਲਾ ੫	੩੮੭
ਮੈ ਨਿਰਗੁਨ ਗੁਣੁ ਨਾਹੀ ਕੋਇ ॥ ਕਰਨ ਕਰਾਵਨਹਾਰ ਪ੍ਰਭ ਸੋਇ ॥੧॥ਰਹਾਉ॥	ਮਹਲਾ ੫	੩੮੮
ਕਰਉ ਬੇਨਤੀ ਸਤਿਗੁਰ ਅਪੁਨੀ ॥ ਕਰਿ ਕਿਰਪਾ ਰਾਖਹੁ ਸਰਣਾਈ ਮੋ ਕਉ ਦੇਹੁ ਹਰੇ ਹਰਿ ਜਪਨੀ ॥੧॥ਰਹਾਉ॥	ਮਹਲਾ ੫	੩੮੮
ਹਰਿ ਕਾ ਸੇਵਕੁ ਸਦ ਹੀ ਮੁਕਤਾ ॥ ਜੋ ਕਿਛੁ ਕਰੈ ਸੋਈ ਭਲ ਜਨ ਕੈ ਅਤਿ ਨਿਰਮਲ ਦਾਸ ਕੀ ਜੁਗਤਾ ॥੧॥ਰਹਾਉ॥	ਮਹਲਾ ੫	੩੮੮
ਸੁਨਿ ਸੁਨਿ ਜੀਵਾ ਸੋਇ ਤੁਮ੍ਹਾਰੀ ॥ ਮੋਹਿ ਨਿਰਗੁਨ ਕਉ ਲੇਹੁ ਉਧਾਰੀ ॥੧॥ਰਹਾਉ॥	ਮਹਲਾ ੫	੩੮੮

ਸੋਇ ਰਹੇ ਮਾਇਆ ਮਦ ਮਾਤੇ ॥ ਜਾਗਤ ਭਗਤ ਸਿਮਰਤ ਹਰਿ ਰਾਤੇ ॥੧॥ਰਹਾਉ॥	ਮਹਲਾ ੫	੩੮੮
ਤੂੰ ਮੇਰਾ ਕਰਤਾ ਹਉ ਸੇਵਕੁ ਤੇਰਾ ॥ ਸਰਣਿ ਗਹੀ ਪ੍ਰਭ ਗੁਨੀ ਗਹੇਰਾ ॥੧॥ਰਹਾਉ॥	ਮਹਲਾ ੫	੩੮੯
ਕੋ ਮੂਆ ਕਾ ਕੈ ਘਰਿ ਗਾਵਨੁ ॥ ਕੋ ਰੋਵੈ ਕੋ ਹਸਿ ਹਸਿ ਪਾਵਨੁ ॥੧॥ਰਹਾਉ॥	ਮਹਲਾ ੫	੩੮੯
ਪ੍ਰਿਅ ਪ੍ਰੇਮ ਸਹਜਿ ਮਨਿ ਅਨਦੁ ਧਰਉ ਰੀ ॥ ਪ੍ਰਭ ਮਿਲਬੇ ਕੀ ਲਾਲਸਾ ਤਾ ਤੇ ਆਲਸੁ ਕਹਾ ਕਰਉ ਰੀ ॥੧॥ਰਹਾਉ॥	ਮਹਲਾ ੫	੩੮੯
ਤੂ ਚਿਤਿ ਆਵਹਿ ਤੇਰੀ ਮਇਆ ॥ ਸਿਮਰਤ ਨਾਮ ਸਗਲ ਰੋਗ ਖਇਆ ॥੧॥ਰਹਾਉ॥	ਮਹਲਾ ੫	੩੮੯
ਸੰਤ ਪ੍ਰਸਾਦਿ ਭਲੀ ਬਨੀ ॥ ਜਾ ਕੈ ਗ੍ਰਿਹਿ ਸਭੁ ਕਿਛੁ ਹੈ ਪੂਰਨੁ ਸੋ ਭੇਟਿਆ ਨਿਰਭੈ ਧਨੀ ॥੧॥ਰਹਾਉ॥	ਮਹਲਾ ੫	੩੮੯
ਕਛੂ ਨ ਥੋਰਾ ਹਰਿ ਭਗਤਨ ਕਉ ॥ ਖਾਤ ਖਰਚਤ ਬਿਲਛਤ ਦੇਵਨ ਕਉ ॥੧॥ਰਹਾਉ॥	ਮਹਲਾ ੫	੩੯੦
ਮਿਟਿ ਗਈ ਗਣਤ ਬਿਨਾਸਿਉ ਸੰਸਾ ॥ ਨਾਮਿ ਰਤੇ ਜਨ ਭਏ ਭਗਵੰਤਾ ॥੧॥ਰਹਾਉ॥	ਮਹਲਾ ੫	੩੯੦
ਸੋਚਤ ਸਾਚਤ ਰੈਨਿ ਬਿਹਾਨੀ ॥ ਅਨਿਕ ਰੰਗ ਮਾਇਆ ਕੇ ਚਿਤਵਤ ਕਬਹੂ ਨ ਸਿਮਰੈ ਸਾਰਿੰਗਪਾਨੀ ॥੧॥ਰਹਾਉ॥	ਮਹਲਾ ੫	੩੯੦
ਤੇ ਬੈਰਾਗੀ ਕਹਾ ਸਮਾਏ ॥ ਤਿਸੁ ਬਿਨੁ ਤੁਹੀ ਦੁਹੇਰੀ ਰੀ ॥੧॥ਰਹਾਉ॥	ਮਹਲਾ ੫	੩੯੦
ਅਵਰੁ ਨ ਕੋਊ ਮਾਰਨਵਾਰਾ ॥ ਜੀਅਉ ਹਮਾਰਾ ਜੀਉ ਦੇਨਹਾਰਾ ॥੧॥ਰਹਾਉ॥	ਮਹਲਾ ੫	੩੯੧
ਸਾਈ ਸੁਹਾਗਣਿ ਜੋ ਪ੍ਰਭ ਭਾਈ ॥ ਤਿਸ ਕੈ ਸੰਗਿ ਮਿਲਉ ਮੇਰੀ ਮਾਈ ॥ ੧॥ਰਹਾਉ॥	ਮਹਲਾ ੫	੩੯੧
ਸੁਨਹੁ ਮੀਤ ਐਸਾ ਪ੍ਰੇਮ ਪਿਆਰੁ ॥ ਜੀਅ ਪ੍ਰਾਨ ਘਟ ਘਟ ਆਧਾਰੁ ॥੧॥ਰਹਾਉ॥	ਮਹਲਾ ੫	੩੯੧
ਕਾਚ ਗਗਰੀਆ ਅੰਭ ਮਝਰੀਆ ॥ ਗਰਬਿ ਗਰਬਿ ਉਆਹੂ ਮਹਿ ਪਰੀਆ ॥੧॥ਰਹਾਉ॥	ਮਹਲਾ ੫	੩੯੨
ਜਗ ਮੋਹਨੀ ਹਮ ਤਿਆਗਿ ਗਵਾਈ ॥ ਨਿਰਗੁਨੁ ਮਿਲਿਓ ਵਜੀ ਵਧਾਈ ॥੧॥ਰਹਾਉ॥	ਮਹਲਾ ੫	੩੯੨
ਸੰਤ ਰਹਤ ਸੁਨਹੁ ਮੇਰੇ ਭਾਈ ॥ ਉਆ ਕੀ ਮਹਿਮਾ ਕਥਨੁ ਨ ਜਾਈ ॥੧॥ਰਹਾਉ॥	ਮਹਲਾ ੫	੩੯੨
ਗੁਰ ਪ੍ਰਸਾਦਿ ਓਇ ਆਨੰਦ ਪਾਵੈ ॥ ਜਿਸੁ ਸਿਮਰਤ ਮਨਿ ਹੋਇ ਪ੍ਰਗਾਸਾ ਤਾ ਕੀ ਗਤਿ ਮਿਤਿ ਕਹਨੁ ਨ ਜਾਵੈ ॥੧॥ਰਹਾਉ॥	ਮਹਲਾ ੫	੩੯੩
ਸਾਲਗਿਰਾਮੁ ਹਮਾਰੈ ਸੇਵਾ ॥ ਪੂਜਾ ਅਰਚਾ ਬੰਦਨ ਦੇਵਾ ॥੧॥ਰਹਾਉ॥	ਮਹਲਾ ੫	੩੯੩
ਸਤਿਗੁਰ ਪੂਰੈ ਸਾਚੁ ਕਹਿਆ ॥ ਨਾਮ ਤੇਰੇ ਕੀ ਮੁਕਤੇ ਬੀਥੀ ਜਮ ਕਾ ਮਾਰਗੁ ਦੂਰਿ ਰਹਿਆ ॥੧॥ਰਹਾਉ॥	ਮਹਲਾ ੫	੩੯੩
ਕਰਨ ਕਰਾਵਨ ਸਰਨਿ ਪਰਿਆ ॥ ਗੁਰ ਪਰਸਾਦਿ ਸਹਜ ਘਰੁ ਪਾਇਆ ਮਿਟਿਆ ਅੰਧੇਰਾ ਚੰਦੁ ਚੜਿਆ ॥੧॥ਰਹਾਉ॥	ਮਹਲਾ ੫	੩੯੩

ਗੁਰੁ ਮੇਰੈ ਸੰਗਿ ਸਦਾ ਹੈ ਨਾਲੇ ॥ ਸਿਮਰਿ ਸਿਮਰਿ ਤਿਸੁ ਸਦਾ ਸਮ੍ਾਲੇ ॥੧॥ਰਹਾਉ॥	ਮਹਲਾ ੫	੩੯੪
ਚਰਨ ਕਮਲ ਗੁਰਦੇਵ ਪਿਆਰੇ ॥ ਪੂਜਹਿ ਸੰਤ ਹਰਿ ਪ੍ਰੀਤਿ ਪਿਆਰੇ ॥੧॥ਰਹਾਉ॥	ਮਹਲਾ ੫	੩੯੪
ਭਲੋ ਭਇਓ ਪ੍ਰਿਅ ਕਹਿਆ ਮਾਨਿਆ ॥ ਸੂਖੁ ਸਹਜੁ ਇਸੁ ਘਰ ਕਾ ਜਾਨਿਆ ॥ਰਹਾਉ॥	ਮਹਲਾ ੫	੩੯੪
ਐਸੀ ਇਸਤ੍ਰੀ ਇਕ ਰਾਮਿ ਉਪਾਈ ॥ ਉਨਿ ਸਭੁ ਜਗੁ ਖਾਇਆ ਹਮ ਗੁਰਿ ਰਾਖੇ ਮੇਰੇ ਭਾਈ ॥ਰਹਾਉ॥	ਮਹਲਾ ੫	੩੯੪
ਸੰਤ ਤ੍ਰਿਪਤਾਸੇ ਹਰਿ ਹਰਿ ਧੵਾਇ ॥ ਕਰਿ ਕਿਰਪਾ ਅਪੁਨੈ ਨਾਇ ਲਾਏ ਸਰਬ ਸੂਖ ਪ੍ਰਭ ਤੁਮਰੀ ਰਜਾਇ ॥ਰਹਾਉ॥	ਮਹਲਾ ੫	੩੯੪
ਸੋਈ ਦਿਵਸੁ ਭਲਾ ਮੇਰੇ ਭਾਈ ॥ ਹਰਿ ਗੁਨ ਗਾਇ ਪਰਮ ਗਤਿ ਪਾਈ ॥ਰਹਾਉ॥	ਮਹਲਾ ੫	੩੯੪
ਸਦਾ ਅਨੰਦ ਅਨੰਦੀ ਸਾਹਿਬੁ ਗੁਨ ਨਿਧਾਨ ਨਿਤ ਨਿਤ ਜਾਪੀਐ ॥ ਬਲਿਹਾਰੀ ਤਿਸੁ ਸੰਤ ਪਿਆਰੇ ਜਿਸੁ ਪ੍ਰਸਾਦਿ ਪ੍ਰਭੁ ਮਨਿ ਵਾਸੀਐ ॥ਰਹਾਉ॥	ਮਹਲਾ ੫	੩੯੫
ਗੁਰੁ ਪੂਰਾ ਪਾਇਓ ਮੇਰੇ ਭਾਈ ॥ ਰੋਗ ਸੋਗ ਸਭ ਦੂਖ ਬਿਨਾਸੇ ਸਤਿਗੁਰ ਕੀ ਸਰਣਾਈ ॥ਰਹਾਉ॥	ਮਹਲਾ ੫	੩੯੫
ਜੰਮਿਆ ਪੂਤੁ ਭਗਤੁ ਗੋਵਿੰਦ ਕਾ ॥ ਪ੍ਰਗਟਿਆ ਸਭ ਮਹਿ ਲਿਖਿਆ ਧੁਰ ਕਾ ॥ਰਹਾਉ॥	ਮਹਲਾ ੫	੩੯੬
ਗੁਰੁ ਗੁਰੁ ਜਪੀ ਗੁਰੂ ਗੁਰੁ ਧਿਆਈ ॥ ਜੀਅ ਕੀ ਅਰਦਾਸਿ ਗੁਰੂ ਪਹਿ ਪਾਈ ॥ਰਹਾਉ॥	ਮਹਲਾ ੫	੩੯੬
ਮਾਣੁ ਨਿਮਾਣੇ ਤੂੰ ਧਣੀ ਤੇਰਾ ਭਰਵਾਸਾ ॥ ਬਿਨੁ ਸਾਚੇ ਅਨ ਟੇਕ ਹੈ ਸੋ ਜਾਣਹੁ ਕਾਚਾ ॥੧॥ਰਹਾਉ॥	ਮਹਲਾ ੫	੩੯੬
ਬਲਿਹਾਰੀ ਗੁਰ ਆਪਣੇ ਸਦ ਸਦ ਕੁਰਬਾਨਾ ॥ ਨਾਮੁ ਨ ਵਿਸਰਉ ਇਕੁ ਖਿਨੁ ਚਸਾ ਇਹੁ ਕੀਜੈ ਦਾਨਾ ॥੧॥ਰਹਾਉ॥	ਮਹਲਾ ੫	੩੯੬
ਹਉ ਵੰਞਾ ਕੁਰਬਾਣੁ ਸਾਈ ਆਪਣੇ ॥ ਹੋਵੈ ਅਨਦੁ ਘਣਾ ਮਨਿ ਤਨਿ ਜਾਪਣੇ ॥੧॥ਰਹਾਉ॥	ਮਹਲਾ ੫	੩੯੭
ਤੇਰੀ ਟੇਕ ਗੋਵਿੰਦ ਗੁਪਾਲ ਦਇਆਲ ਪ੍ਰਭ ॥ ਤੂੰ ਸਭਨਾ ਕੇ ਨਾਥ ਤੇਰੀ ਸ੍ਰਿਸਟਿ ਸਭ ॥੧॥ਰਹਾਉ॥	ਮਹਲਾ ੫	੩੯੭
ਆਠ ਪਹਰ ਸਾਲਾਹਿ ਸਿਰਜਨਹਾਰ ਤੂੰ ॥ ਜੀਵਾਂ ਤੇਰੀ ਦਾਤਿ ਕਿਰਪਾ ਕਰਹੁ ਮੂੰ ॥੧॥ਰਹਾਉ॥	ਮਹਲਾ ੫	੩੯੭
ਮਨੁ ਤਨੁ ਹੋਇ ਨਿਹਾਲੁ ਤੁਮ੍ ਸੰਗਿ ਭੇਟਿਆ ॥ ਸੁਖੁ ਪਾਇਆ ਜਨ ਪਰਸਾਦਿ ਦੁਖੁ ਸਭੁ ਮੇਟਿਆ ॥੧॥ਰਹਾਉ॥	ਮਹਲਾ ੫	੩੯੭
ਜਿਉ ਭਾਵੈ ਤਿਉ ਰਾਖੁ ਰਾਖਣਹਾਰਿਆ ॥ ਤੁਝ ਬਿਨੁ ਅਵਰੁ ਨ ਕੋਇ ਨਦਰਿ ਨਿਹਾਰਿਆ ॥੧॥ਰਹਾਉ॥	ਮਹਲਾ ੫	੩੯੮
ਬੋਹਿਥੜਾ ਹਰਿ ਚਰਣ ਮਨ ਚੜਿ ਲੰਘੀਐ ॥ ਆਠ ਪਹਰ ਗੁਣ ਗਾਇ ਸਾਧੂ ਸੰਗੀਐ ॥੧॥ਰਹਾਉ॥	ਮਹਲਾ ੫	੩੯੮

ਮੈ ਗਰੀਬ ਸਚੁ ਟੇਕ ਤੂੰ ਮੇਰੇ ਸਤਿਗੁਰ ਪੂਰੇ ॥ ਮਹਲਾ ੫ ੩੯੮
ਦੇਖਿ ਤੁਮ੍ਹਾਰਾ ਦਰਸਨੋ ਮੇਰਾ ਮਨੁ ਧੀਰੇ ॥੧॥ਰਹਾਉ॥
ਨਾਨਕ ਕਾ ਪ੍ਰਭੁ ਸੋਇ ਜਿਸ ਕਾ ਸਭੁ ਕੋਇ ॥ ਮਹਲਾ ੫ ੩੯੮
ਸਰਬ ਰਹਿਆ ਭਰਪੂਰਿ ਸਚਾ ਸਚੁ ਸੋਇ ॥੧॥ਰਹਾਉ॥
ਆਵਹੁ ਸੰਤ ਮਿਲਾਹ ਹਰਿ ਕਥਾ ਕਹਾਣੀਆ ॥ ਮਹਲਾ ੫ ੩੯੯
ਅਨਦਿਨੁ ਸਿਮਰਹ ਨਾਮੁ ਤਜਿ ਲਾਜ ਲੋਕਾਣੀਆ ॥੧॥ਰਹਾਉ॥
ਤਤੁ ਵੀਚਾਰਹੁ ਸੰਤ ਜਨਹੁ ਤਾ ਤੇ ਬਿਘਨੁ ਨ ਲਾਗੈ ॥ ਮਹਲਾ ੫ ੩੯੯
ਖੀਨ ਭਏ ਸਭਿ ਤਸਕਰਾ ਗੁਰਮੁਖਿ ਜਨੁ ਜਾਗੈ ॥੧॥ਰਹਾਉ॥
ਪਾਇ ਪਰਹ ਸਤਿਗੁਰੂ ਕੈ ਜਿਨਿ ਭਰਮੁ ਬਿਦਾਰਿਆ ॥ ਮਹਲਾ ੫ ੩੯੯
ਕਰਿ ਕਿਰਪਾ ਪ੍ਰਭਿ ਆਪਣੀ ਸਚੁ ਸਾਜਿ ਸਵਾਰਿਆ ॥੧॥ਰਹਾਉ॥
ਹਮ ਚਾਕਰ ਗੋਬਿੰਦ ਕੇ ਠਾਕੁਰੁ ਮੇਰਾ ਭਾਰਾ ॥ ਮਹਲਾ ੫ ੩੯੯
ਕਰਨ ਕਰਾਵਨ ਸਗਲ ਬਿਧਿ ਸੋ ਸਤਿਗੁਰੂ ਹਮਾਰਾ ॥੧॥ਰਹਾਉ॥
ਜੀਅ ਪ੍ਰਾਨ ਮੇਰਾ ਧਨੋ ਸਾਹਿਬ ਕੀ ਮਨੀਆ ॥ ਮਹਲਾ ੫ ੪੦੦
ਨਾਮਿ ਜਿਸੈ ਕੈ ਊਜਲੀ ਤਿਸੁ ਦਾਸੀ ਗਨੀਆ ॥੧॥ਰਹਾਉ॥
ਇਹੁ ਮਨੁ ਸੁੰਦਰਿ ਆਪਣਾ ਹਰਿ ਨਾਮਿ ਮਜੀਠੈ ਰੰਗਿ ਰੀ ॥ ਮਹਲਾ ੫ ੪੦੦
ਤਿਆਗਿ ਸਿਆਣਪ ਚਾਤੁਰੀ ਤੂੰ ਜਾਣੁ ਗੁਪਾਲਹਿ ਸੰਗਿ ਰੀ ॥੧॥ਰਹਾਉ॥
ਓਇ ਬਿਖਾਦੀ ਦੋਖੀਆ ਤੇ ਗੁਰ ਤੇ ਹੂਟੇ ॥ ਮਹਲਾ ੫ ੪੦੦
ਹਮ ਛੂਟੇ ਅਬ ਉਨ੍ਹਾ ਤੇ ਓਇ ਹਮ ਤੇ ਛੂਟੇ ॥੧॥ਰਹਾਉ॥
ਬਲਿਹਾਰੀ ਗੁਰ ਆਪਣੇ ਸਦ ਸਦ ਬਲਿ ਜਾਉ ॥ ਮਹਲਾ ੫ ੪੦੦
ਗੁਰੂ ਵਿਟਹੁ ਹਉ ਵਾਰਿਆ ਜਿਸੁ ਮਿਲਿ ਸਚੁ ਸੁਆਉ ॥੧॥ਰਹਾਉ॥
ਹਉ ਮਾਗਉ ਆਨ ਲਜਾਵਉ ॥ ਮਹਲਾ ੫ ੪੦੧
ਸਗਲ ਛਤ੍ਰਪਤਿ ਏਕੋ ਠਾਕੁਰੁ ਕਉਨੁ ਸਮਸਰਿ ਲਾਵਉ ॥ ੧॥ਰਹਾਉ॥
ਅਵਰ ਬਿਸਾਰੀ ਬਿਸਾਰੀ ॥ ਮਹਲਾ ੫ ੪੦੧
ਨਾਮ ਦਾਨੁ ਗੁਰਿ ਪੂਰੈ ਦੀਓ ਮੈ ਏਹੋ ਆਧਾਰੀ ॥੧॥ਰਹਾਉ॥
ਰੇ ਮਨ ਕਿਆ ਕਰਹਿ ਹੈ ਹਾ ਹਾ ॥ ਮਹਲਾ ੫ ੪੦੨
ਦ੍ਰਿਸਟਿ ਦੇਖੁ ਜੈਸੇ ਹਰਿਚੰਦਉਰੀ ਇਕੁ ਰਾਮ ਭਜਨੁ ਲੈ ਲਾਹਾ ॥੧॥ਰਹਾਉ॥
ਜਉ ਕਿਰਪਾ ਗੋਬਿੰਦ ਭਈ ॥ ਮਹਲਾ ੫ ੪੦੨
ਸੁਖ ਸੰਪਤਿ ਹਰਿ ਨਾਮ ਫਲ ਪਾਏ ਸਤਿਗੁਰ ਮਿਲਈ ॥੧॥ਰਹਾਉ॥
ਸਤਿਗੁਰ ਤੇਰੀ ਆਸਾਇਆ ॥ ਮਹਲਾ ੫ ੪੦੨
ਪਤਿਤ ਪਾਵਨੁ ਤੇਰੋ ਨਾਮੁ ਪਾਰਬ੍ਰਹਮ ਮੈ ਏਹਾ ਓਟਾਇਆ ॥੧॥ਰਹਾਉ॥
ਮਨ ਬੈਰਾਗੀ ਕਿਉ ਨ ਅਰਾਧੇ ॥ ਕਾਚ ਕੋਠਰੀ ਮਾਹਿ ਤੂੰ ਬਸਤਾ ਸੰਗਿ ਸਗਲ ਮਹਲਾ ੫ ੪੦੨
ਬਿਖੈ ਕੀ ਬਿਆਧੇ ॥੧॥ਰਹਾਉ॥
ਇਉ ਜਪਿਓ ਭਾਈ ਪੁਰਖੁ ਬਿਧਾਤੇ ॥ ਭਇਓ ਕ੍ਰਿਪਾਲੁ ਦੀਨ ਦੁਖ ਭੰਜਨੁ ਜਨਮ ਮਹਲਾ ੫ ੪੦੩
ਮਰਣ ਦੁਖ ਲਾਥੇ ॥੧॥ਰਹਾਉ ਦੂਜਾ ॥
ਅੰਧੇ ਚੇਤਿ ਹਰਿ ਹਰਿ ਰਾਇਆ ॥ ਤੇਰਾ ਸੋ ਦਿਨੁ ਨੇੜੈ ਆਇਆ ॥੧॥ਰਹਾਉ॥ ਮਹਲਾ ੫ ੪੦੩

ਪ੍ਰਭ ਮੇਰੇ ਸਭ ਬਿਧਿ ਆਗੈ ਜਾਨੀ ॥ ਮਹਲਾ ੫ ੪੦੩
ਭ੍ਰਮ ਕੇ ਮੂਸੇ ਤੂੰ ਰਾਖਤ ਪਰਦਾ ਪਾਛੈ ਜੀਅ ਕੀ ਮਾਨੀ ॥੧॥ਰਹਾਉ॥
ਸੇਵਕ ਕਉ ਨਿਕਟੀ ਹੋਇ ਦਿਖਾਵੈ ॥ ਮਹਲਾ ੫ ੪੦੩
ਜੋ ਜੋ ਕਹੈ ਠਾਕੁਰ ਪਹਿ ਸੇਵਕੁ ਤਤਕਾਲ ਹੋਇ ਆਵੈ ॥੧॥ਰਹਾਉ॥
ਸਾਜਨ ਸੰਤ ਹਮਾਰੇ ਮੀਤਾ ਬਿਨੁ ਹਰਿ ਹਰਿ ਆਨੀਤਾ ਰੇ ॥ ਸਾਧਸੰਗਿ ਮਿਲਿ ਮਹਲਾ ੫ ੪੦੪
ਹਰਿ ਗੁਣ ਗਾਏ ਇਹੁ ਜਨਮੁ ਪਦਾਰਥੁ ਜੀਤਾ ਰੇ ॥੧॥ਰਹਾਉ॥
ਹਮਰਾ ਠਾਕੁਰੁ ਸਭ ਤੇ ਊਚਾ ਰੈਣਿ ਦਿਨਸੁ ਤਿਸੁ ਗਾਵਉ ਰੇ ॥ ਮਹਲਾ ੫ ੪੦੪
ਖਿਨ ਮਹਿ ਥਾਪਿ ਉਥਾਪਨਹਾਰਾ ਤਿਸ ਤੇ ਤੁਝਹਿ ਡਰਾਵਉ ਰੇ ॥੧॥ਰਹਾਉ॥
ਜਿਨਿ ਮਿਲਿ ਮਾਰੇ ਪੰਚ ਸੂਰਬੀਰ ਐਸੋ ਕਉਨੁ ਬਲੀ ਰੇ ॥ ਮਹਲਾ ੫ ੪੦੪
ਜਿਨਿ ਪੰਚ ਮਾਰਿ ਬਿਦਾਰਿ ਗੁਦਾਰੇ ਸੋ ਪੂਰਾ ਇਹ ਕਲੀ ਰੇ ॥੧॥ਰਹਾਉ॥
ਨੀਕੀ ਜੀਅ ਕੀ ਹਰਿ ਕਥਾ ਊਤਮ ਆਨ ਸਗਲ ਰਸ ਫੀਕੀ ਰੇ ॥੧॥ਰਹਾਉ॥ ਮਹਲਾ ੫ ੪੦੪
ਹਮਾਰੀ ਪਿਆਰੀ ਅੰਮ੍ਰਿਤ ਧਾਰੀ ਗੁਰਿ ਨਿਮਖ ਨ ਮਨ ਤੇ ਟਾਰੀ ਰੇ ॥੧॥ਰਹਾਉ॥ ਮਹਲਾ ੫ ੪੦੪
ਨੀਕੀ ਸਾਧ ਸੰਗਾਨੀ ॥ਰਹਾਉ॥ ਮਹਲਾ ੫ ੪੦੪
ਸੋ ਪ੍ਰਭੁ ਜਾਣੀਐ ਸਦ ਸੰਗਿ ॥ ਮਹਲਾ ੫ ੪੦੫
ਗੁਰ ਪ੍ਰਸਾਦੀ ਬੂਝੀਐ ਏਕ ਹਰਿ ਕੈ ਰੰਗਿ ॥੧॥ਰਹਾਉ॥
ਮੇਰੇ ਮਨ ਧਿਆਇ ਹਰਿ ਹਰਿ ਨਾਉ ॥ ਮਹਲਾ ੫ ੪੦੫
ਹਲਤਿ ਪਲਤਿ ਸਹਾਇ ਸੰਗੇ ਏਕ ਸਿਉ ਲਿਵ ਲਾਉ ॥ ੧॥ਰਹਾਉ॥
ਹਰਿ ਕੋ ਨਾਮੁ ਜਪੀਐ ਨੀਤਿ ॥ ਮਹਲਾ ੫ ੪੦੫
ਸਾਸਿ ਸਾਸਿ ਧਿਆਇ ਸੋ ਪ੍ਰਭੁ ਤਿਆਗਿ ਅਵਰ ਪਰੀਤਿ ॥੧॥ਰਹਾਉ॥
ਮਨ ਮਹਿ ਰਾਮ ਨਾਮਾ ਜਾਪਿ ॥ ਮਹਲਾ ੫ ੪੦੫
ਕਰਿ ਕਿਰਪਾ ਵਸਹੁ ਮੇਰੈ ਹਿਰਦੈ ਹੋਇ ਸਹਾਈ ਆਪਿ ॥੧॥ਰਹਾਉ॥
ਕਲਿਜੁਗੁ ਉਧਾਰਿਆ ਗੁਰਦੇਵ ॥ ਮਹਲਾ ੫ ੪੦੬
ਮਲ ਮੂਤ ਮੂੜ ਜਿ ਮੁਘਦ ਹੋਤੇ ਸਭਿ ਲਗੇ ਤੇਰੀ ਸੇਵ ॥੧॥ਰਹਾਉ॥
ਸਤਿਗੁਰ ਬਚਨ ਤੁਮ੍ਾਰੇ ॥ ਨਿਰਗੁਣ ਨਿਸਤਾਰੇ ॥੧॥ਰਹਾਉ॥ ਮਹਲਾ ੫ ੪੦੬
ਬਾਵਰ ਸੋਇ ਰਹੇ ॥੧॥ਰਹਾਉ॥ ਮਹਲਾ ੫ ੪੦੬
ਓਹਾ ਪ੍ਰੇਮ ਪਿਰੀ ॥੧॥ਰਹਾਉ॥ ਮਹਲਾ ੫ ੪੦੬
ਗੁਰਹਿ ਦਿਖਾਇਓ ਲੋਇਨਾ ॥੧॥ਰਹਾਉ॥ ਮਹਲਾ ੫ ੪੦੭
ਹਰਿ ਹਰਿ ਨਾਮੁ ਅਮੋਲਾ ॥ ਓਹੁ ਸਹਜਿ ਸੁਹੇਲਾ ॥੧॥ਰਹਾਉ॥ ਮਹਲਾ ੫ ੪੦੭
ਆਪੁਨੀ ਭਗਤਿ ਨਿਬਾਹਿ ॥ ਠਾਕੁਰ ਆਇਓ ਆਹਿ ॥੧॥ਰਹਾਉ॥ ਮਹਲਾ ੫ ੪੦੭
ਠਾਕੁਰ ਚਰਣ ਸੁਹਾਵੇ ॥ ਹਰਿ ਸੰਤਨ ਪਾਵੇ ॥੧॥ਰਹਾਉ॥ ਮਹਲਾ ੫ ੪੦੭
ਏਕੁ ਸਿਮਰਿ ਮਨ ਮਾਹੀ ॥੧॥ਰਹਾਉ॥ ਮਹਲਾ ੫ ੪੦੭
ਹਰਿ ਬਿਸਰਤ ਸੋ ਮੂਆ ॥੧॥ਰਹਾਉ॥ ਮਹਲਾ ੫ ੪੦੭
ਓਹੁ ਨੇਹੁ ਨਵੇਲਾ ॥ ਅਪੁਨੇ ਪ੍ਰੀਤਮ ਸਿਉ ਲਾਗਿ ਰਹੈ ॥੧॥ਰਹਾਉ॥ ਮਹਲਾ ੫ ੪੦੭
ਮਿਲੁ ਰਾਮ ਪਿਆਰੇ ਤੁਮ ਬਿਨੁ ਧੀਰਜੁ ਕੋ ਨ ਕਰੈ ॥੧॥ਰਹਾਉ॥ ਮਹਲਾ ੫ ੪੦੮
ਲੋਭ ਬਿਖਿਆ ਬਿਖੈ ਲਾਗੇ ਹਿਰਿ ਵਿਤ ਚਿਤ ਦੁਖਾਹੀ ॥ ਮਹਲਾ ੫ ੪੦੮

ਖਿਨ ਭੰਗੁਨਾ ਕੈ ਮਾਨਿ ਮਾਤੇ ਅਸੁਰ ਜਾਣਹਿ ਨਾਹੀ ॥੧॥ਰਹਾਉ॥		
ਬਾਪਾਰਿ ਗੋਵਿੰਦ ਨਾਏ ॥ ਸਾਧ ਸੰਤ ਮਨਾਏ ਪ੍ਰਿਅ ਪਾਏ ਗੁਨ ਗਾਏ ਪੰਚ ਨਾਦ ਤੂਰ ਬਜਾਏ ॥੧॥ਰਹਾਉ॥	ਮਹਲਾ ੫	੪੦੮
ਕੋਊ ਬਿਖਮ ਗਾਰ ਤੋਰੈ ॥ ਆਸ ਪਿਆਸ ਧੋਹ ਮੋਹ ਭਰਮ ਹੀ ਤੇ ਹੋਰੈ ॥੧॥ਰਹਾਉ॥	ਮਹਲਾ ੫	੪੦੮
ਕਾਮੁ ਕ੍ਰੋਧੁ ਲੋਭੁ ਤਿਆਗੁ ॥ ਮਨਿ ਸਿਮਰਿ ਗੋਬਿੰਦ ਨਾਮ ॥ ਹਰਿ ਭਜਨ ਸਫਲ ਕਾਮ ॥ ੧॥ਰਹਾਉ॥	ਮਹਲਾ ੫	੪੦੮
ਹਰਖ ਸੋਗ ਬੈਰਾਗ ਅਨੰਦੀ ਖੇਲੁ ਰੀ ਦਿਖਾਇਓ ॥੧॥ਰਹਾਉ॥	ਮਹਲਾ ੫	੪੦੯
ਅਨ ਸਿਉ ਤੋਰਿ ਫੇਰਿ ਹਾਂ ॥ ਐਸੇ ਲਾਲਨੁ ਪਾਇਓ ਰੀ ਸਖੀ ॥੧॥ਰਹਾਉ॥	ਮਹਲਾ ੫	੪੦੯
ਸੇਵਾ ਗੁਰ ਚਰਾਨਿ ਹਾਂ ॥ ਤਉ ਮਿਲੀਐ ਗੁਰ ਕ੍ਰਿਪਾਨਿ ਮੇਰੇ ਮਨਾ ॥੧॥ਰਹਾਉ॥	ਮਹਲਾ ੫	੪੦੯
ਛੂਟਨ ਬਿਧਿ ਸੁਨੀ ਹਾਂ ॥ ਪਾਈਐ ਵਡ ਪੁਨੀ ਮੇਰੇ ਮਨਾ ॥੧॥ਰਹਾਉ॥	ਮਹਲਾ ੫	੪੦੯
ਮਨਹਿ ਨਿਧਾਨੁ ਲਹੁ ਹਾਂ ॥ ਸੁਖਹਿ ਸਮਾਈਐ ਮੇਰੇ ਮਨਾ ॥੧॥ਰਹਾਉ॥	ਮਹਲਾ ੫	੪੧੦
ਅਨਦਿਨੁ ਜਾਗਿਆ ਹਾਂ ॥ ਨਾਨਕ ਬਡਭਾਗਿਆ ਮੇਰੇ ਮਨਾ ॥੧॥ਰਹਾਉ॥	ਮਹਲਾ ੫	੪੧੦
ਧੀਰਜ ਮਨਿ ਭਏ ਹਾਂ ॥ ਪ੍ਰਭ ਕੈ ਦਰਿ ਪਏ ਮੇਰੇ ਮਨਾ ॥੧॥ਰਹਾਉ॥	ਮਹਲਾ ੫	੪੧੦
ਓਇ ਪਰਦੇਸੀਆ ਹਾਂ ॥ ਸੁਨਤ ਸੰਦੇਸਿਆ ਹਾਂ ॥੧॥ਰਹਾਉ॥	ਮਹਲਾ ੫	੪੧੦
ਬਿਰਥਾ ਕਹਉ ਕਉਨ ਸਿਉ ਮਨ ਕੀ ॥ ਲੋਭਿ ਗ੍ਰਸਿਓ ਦਸ ਹੂ ਦਿਸ ਧਾਵਤ ਆਸਾ ਲਾਗਿਓ ਧਨ ਕੀ ॥੧॥ਰਹਾਉ॥	ਮਹਲਾ ੯	੪੧੧
ਐਸਾ ਗਿਆਨੁ ਸੁਨਹੁ ਅਭ ਮੋਰੇ ॥ ਭਰਿਪੁਰਿ ਧਾਰਿ ਰਹਿਆ ਸਭ ਠਉਰੇ ॥੧॥ਰਹਾਉ॥	ਮਹਲਾ ੧	੪੧੧
ਸਾਚ ਧਣੀ ਜਗੁ ਆਇ ਬਿਨਾਸਾ ॥ ਛੂਟਸਿ ਪ੍ਰਾਣੀ ਗੁਰਮੁਖਿ ਦਾਸਾ ॥੧॥ਰਹਾਉ॥	ਮਹਲਾ ੧	੪੧੨
ਐਸਾ ਸਾਚਾ ਤੂੰ ਏਕੋ ਜਾਣੁ ॥ ਜੰਮਣੁ ਮਰਣਾ ਹੁਕਮੁ ਪਛਾਣੁ ॥੧॥ਰਹਾਉ॥	ਮਹਲਾ ੧	੪੧੨
ਕਉਣੁ ਮਰੈ ਕਉਣੁ ਰੋਵੈ ਓਹੀ ॥ ਕਰਣ ਕਾਰਣ ਸਭਸੈ ਸਿਰਿ ਤੋਹੀ ॥੧॥ਰਹਾਉ॥	ਮਹਲਾ ੧	੪੧੩
ਐਸਾ ਸਾਹੁ ਸਰਾਫੀ ਕਰੈ ॥ ਸਾਚੀ ਨਦਰਿ ਏਕ ਲਿਵ ਤਰੈ ॥੧॥ਰਹਾਉ॥	ਮਹਲਾ ੧	੪੧੩
ਐਸੇ ਪ੍ਰੇਮ ਭਗਤਿ ਵੀਚਾਰੀ ॥ ਗੁਰਮੁਖਿ ਸਾਚਾ ਨਾਮੁ ਮੁਰਾਰੀ ॥੧॥ਰਹਾਉ॥	ਮਹਲਾ ੧	੪੧੪
ਕਹਾ ਚਲਹੁ ਮਨ ਰਹਹੁ ਘਰੇ ॥ ਗੁਰਮੁਖਿ ਰਾਮ ਨਾਮਿ ਤ੍ਰਿਪਤਾਸੇ ਖੋਜਤ ਪਾਵਹੁ ਸਹਜਿ ਹਰੇ ॥੧॥ਰਹਾਉ॥	ਮਹਲਾ ੧	੪੧੪
ਬਿਨੁ ਗੁਰ ਸਬਦੈ ਮਨੁ ਨਹੀ ਠਉਰਾ ॥ ਸਿਮਰਹੁ ਰਾਮ ਨਾਮੁ ਅਤਿ ਨਿਰਮਲੁ ਅਵਰ ਤਿਆਗਹੁ ਹਉਮੈ ਕਉਰਾ ॥੧॥ਰਹਾਉ॥	ਮਹਲਾ ੧	੪੧੫
ਰਾਮ ਨਾਮ ਬਿਨੁ ਕਵਨੁ ਹਮਾਰਾ ॥ ਸੁਖ ਦੁਖ ਸਮ ਕਰਿ ਨਾਮੁ ਨ ਛੋਡਉ ਆਪੇ ਬਖਸਿ ਮਿਲਾਵਣਹਾਰਾ ॥੧॥ਰਹਾਉ॥	ਮਹਲਾ ੧	੪੧੬
ਰਾਮੁ ਜਪਹੁ ਮੇਰੀ ਸਖੀ ਸਖੈਨੀ ॥ ਸਤਿਗੁਰੁ ਸੇਵਿ ਦੇਖਹੁ ਪ੍ਰਭੁ ਨੈਨੀ ॥੧॥ਰਹਾਉ॥	ਮਹਲਾ ੧	੪੧੬
ਆਦੇਸੁ ਬਾਬਾ ਆਦੇਸੁ ॥ ਆਦਿ ਪੁਰਖ ਤੇਰਾ ਅੰਤੁ ਨ ਪਾਇਆ ਕਰਿ ਕਰਿ ਦੇਖਹਿ ਵੇਸ ॥੧॥ਰਹਾਉ॥	ਮਹਲਾ ੧	੪੧੭
ਇਹੁ ਜਗੁ ਤੇਰਾ ਤੂ ਗੋਸਾਈ ॥	ਮਹਲਾ ੧	੪੧੭

ਏਕ ਘੜੀ ਮਹਿ ਥਾਪਿ ਉਥਾਪੇ ਜਰੁ ਵੰਡਿ ਦੇਵੈ ਭਾਂਈ ॥੧॥ਰਹਾਉ॥
ਜਾਗਹੁ ਜਾਗਹੁ ਸੂਤਿਹੋ ਚਲਿਆ ਵਣਜਾਰਾ ॥੧॥ਰਹਾਉ॥ ਮਹਲਾ ੧ ੪੧੮
ਦਰੁ ਬੀਭਾ ਮੈ ਨੀਮ੍ਹਿ ਕੋ ਕੈ ਕਰੀ ਸਲਾਮੁ ॥ ਮਹਲਾ ੧ ੪੧੮
ਹਿਕੋ ਮੈਡਾ ਤੂ ਧਣੀ ਸਾਚਾ ਮੁਖਿ ਨਾਮੁ ॥੧॥ਰਹਾਉ॥
ਤੂ ਦਾਤੌ ਹਮ ਜਾਚਿਕਾ ਹਰਿ ਦਰਸਨੁ ਦੀਜੈ ॥ ਮਹਲਾ ੧ ੪੧੯
ਗੁਰਮੁਖਿ ਨਾਮੁ ਧਿਆਈਐ ਮਨ ਮੰਦਰੁ ਭੀਜੈ ॥੧॥ਰਹਾਉ॥
ਕਿਆ ਭਵੀਐ ਕਿਆ ਢੂਢੀਐ ਗੁਰ ਸਬਦਿ ਦਿਖਾਇਆ ॥ ਮਹਲਾ ੧ ੪੧੯
ਮਮਤਾ ਮੋਹੁ ਵਿਸਰਜਿਆ ਅਪਨੈ ਘਰਿ ਆਇਆ ॥੧॥ਰਹਾਉ॥
ਜਹ ਦੇਖਾ ਤਹ ਸੋਇ ਅਵਰੁ ਨ ਜਾਣੀਐ ॥ ਮਹਲਾ ੧ ੪੨੦
ਗੁਰ ਕੀ ਕਾਰ ਕਮਾਇ ਮਹਲੁ ਪਛਾਣੀਐ ॥੧॥ਰਹਾਉ॥
ਬਿਨੁ ਨਾਵੈ ਕਿਉ ਛੂਟੀਐ ਜੇ ਜਾਣੈ ਕੋਈ ॥ ਮਹਲਾ ੧ ੪੨੦
ਗੁਰਮੁਖਿ ਹੋਇ ਤ ਛੂਟੀਐ ਮਨਮੁਖਿ ਪਤਿ ਖੋਈ ॥੧॥ਰਹਾਉ॥
ਮੈ ਓਲ੍ਹਗੀਆ ਓਲ੍ਹਗੀ ਹਮ ਛੋਰੂ ਥਾਰੇ ॥ ਮਹਲਾ ੧ ੪੨੧
ਜਿਉ ਤੂੰ ਰਾਖਹਿ ਤਿਉ ਰਹਾ ਮੁਖਿ ਨਾਮੁ ਹਮਾਰੇ ॥੧॥ਰਹਾਉ॥
ਨਾਨਕ ਕੀ ਅਰਦਾਸਿ ਹੈ ਸਚ ਨਾਮਿ ਸੁਹੇਲਾ ॥ ਮਹਲਾ ੧ ੪੨੧
ਆਪੁ ਗਇਆ ਸੋਝੀ ਪਈ ਗੁਰ ਸਬਦੀ ਮੇਲਾ ॥੧॥ਰਹਾਉ॥
ਜਉ ਲਗੁ ਜੀਉ ਪਰਾਣ ਸਚੁ ਧਿਆਈਐ ॥ ਮਹਲਾ ੧ ੪੨੨
ਲਾਹਾ ਹਰਿ ਗੁਣ ਗਾਇ ਮਿਲੈ ਸੁਖੁ ਪਾਈਐ ॥੧॥ਰਹਾਉ॥
ਬਿਨੁ ਨਾਵੈ ਕਿਆ ਜੀਵਨਾ ਫਿਟੁ ਧ੍ਰਿਗੁ ਚਤੁਰਾਈ ॥ ਮਹਲਾ ੧ ੪੨੨
ਸਤਿਗੁਰ ਸਾਧੁ ਨ ਸੇਵਿਆ ਹਰਿ ਭਗਤਿ ਨ ਭਾਈ ॥੧॥ਰਹਾਉ॥
ਤਾ ਕੇ ਚਰਣ ਜਪੈ ਜਨੁ ਨਾਨਕੁ ਬੋਲੇ ਅੰਮ੍ਰਿਤ ਬਾਣੀ ॥੧॥ਰਹਾਉ॥ ਮਹਲਾ ੩ ੪੨੨
ਸੁਣਿ ਮਨ ਮੇਰੇ ਤਤੁ ਗਿਆਨੁ ॥ ਦੇਵਣ ਵਾਲਾ ਸਭ ਬਿਧਿ ਜਾਣੈ ਗੁਰਮੁਖਿ ਮਹਲਾ ੩ ੪੨੩
ਪਾਈਐ ਨਾਮੁ ਨਿਧਾਨੁ ॥੧॥ਰਹਾਉ॥
ਸਤਿਗੁਰਿ ਨਾਮੁ ਬੁਝਾਇਆ ਵਿਣੁ ਨਾਵੈ ਭੁਖ ਨ ਜਾਈ ॥ ਮਹਲਾ ੩ ੪੨੩
ਨਾਮੇ ਤ੍ਰਿਸਨਾ ਅਗਨਿ ਬੁਝੈ ਨਾਮੁ ਮਿਲੈ ਤਿਸੈ ਰਜਾਈ ॥੧॥ਰਹਾਉ॥
ਏਕੋ ਨਾਮੁ ਚੇਤਿ ਮੇਰੇ ਭਾਈ ॥ ਜਗਤੁ ਜਲੰਦਾ ਦੇਖਿ ਕੈ ਭਜਿ ਪਏ ਸਰਣਾਈ ਮਹਲਾ ੩ ੪੨੪
॥੧॥ਰਹਾਉ॥
ਏਕੋ ਨਾਮੁ ਧਿਆਇ ਤੂੰ ਸੁਖੁ ਪਾਵਹਿ ਮੇਰੇ ਭਾਈ ॥ ਮਹਲਾ ੩ ੪੨੫
ਹਉਮੈ ਦੂਜਾ ਦੂਰਿ ਕਰਿ ਵਡੀ ਵਡਿਆਈ ॥੧॥ਰਹਾਉ॥
ਸਤਿਗੁਰ ਤੇ ਹਰਿ ਪਾਈਐ ਭਾਈ ॥ ਮਹਲਾ ੩ ੪੨੫
ਅੰਤਰਿ ਨਾਮੁ ਨਿਧਾਨੁ ਹੈ ਪੂਰੈ ਸਤਿਗੁਰਿ ਦੀਆ ਦਿਖਾਈ ॥੧॥ਰਹਾਉ॥
ਹਰਿ ਜੀਉ ਨਿਰਮਲ ਨਿਰਮਲਾ ਨਿਰਮਲ ਮਨਿ ਵਾਸਾ ॥ ਮਹਲਾ ੩ ੪੨੬
ਗੁਰਮਤੀ ਸਾਲਾਹੀਐ ਬਿਖਿਆ ਮਾਹਿ ਉਦਾਸਾ ॥੧॥ਰਹਾਉ॥
ਇਹੁ ਮਨੂਆ ਕਿਉ ਕਰਿ ਵਸਿ ਆਵੈ ॥ ਮਹਲਾ ੩ ੪੨੬
ਗੁਰ ਪਰਸਾਦੀ ਠਾਕੀਐ ਗਿਆਨ ਮਤੀ ਘਰਿ ਆਵੈ ॥੧॥ਰਹਾਉ॥

ਏ ਮਨ ਰੂੜ੍ਹੇ ਰੰਗੁਲੇ ਤੂੰ ਸਚਾ ਰੰਗੁ ਚੜਾਇ ॥ ਰੂੜੀ ਬਾਣੀ ਜੇ ਰਪੈ ਨਾ ਇਹੁ ਰੰਗੁ ਲਹੈ ਨ ਜਾਇ ॥੧॥ਰਹਾਉ॥	ਮਹਲਾ ੩	੪੨੭
ਤੂੰ ਬੇਅੰਤੁ ਦਇਆਲੁ ਹੈ ਤੇਰੀ ਸਰਣਾਈ ॥ ਗੁਰ ਪੂਰੇ ਤੇ ਪਾਈਐ ਨਾਮੇ ਵਡਿਆਈ ॥੧॥ਰਹਾਉ॥	ਮਹਲਾ ੩	੪੨੭
ਅਵਗਣ ਗੁਣੀ ਬਖਸਾਇਆ ਹਰਿ ਸਿਉ ਲਿਵ ਲਾਈ ॥ ਹਰਿ ਵਰੁ ਪਾਇਆ ਕਾਮਣੀ ਗੁਰਿ ਮੇਲਿ ਮਿਲਾਈ ॥੧॥ਰਹਾਉ॥	ਮਹਲਾ ੩	੪੨੮
ਅੰਮ੍ਰਿਤੁ ਸਚਾ ਵਰਸਦਾ ਗੁਰਮੁਖਾ ਮੁਖਿ ਪਾਇ ॥ ਮਨੁ ਸਦਾ ਹਰੀਆਵਲਾ ਸਹਜੇ ਹਰਿ ਗੁਣ ਗਾਇ ॥੧॥ਰਹਾਉ॥	ਮਹਲਾ ੩	੪੨੮
ਏ ਮਨ ਮਤ ਜਾਣਹਿ ਹਰਿ ਦੂਰਿ ਹੈ ਸਦਾ ਵੇਖੁ ਹਦੂਰਿ ॥ ਸਦ ਸੁਣਦਾ ਸਦ ਵੇਖਦਾ ਸਬਦਿ ਰਹਿਆ ਭਰਪੂਰਿ ॥੧॥ਰਹਾਉ॥	ਮਹਲਾ ੩	੪੨੯
ਹਰਿ ਹਰਿ ਨਾਮੁ ਜਨ ਕੀ ਪਤਿ ਹੋਇ ॥ ਸਫਲੁ ਤਿਨ੍ਹਾ ਕਾ ਜਨਮੁ ਹੈ ਤਿਨ੍ਹ ਮਾਨੈ ਸਭੁ ਕੋਇ ॥੧॥ਰਹਾਉ॥	ਮਹਲਾ ੩	੪੨੯
ਏ ਮਨ ਮੇਰੇ ਬਾਵਲੇ ਹਰਿ ਰਸੁ ਚਖਿ ਸਾਦੁ ਪਾਇ ॥ ਅਨ ਰਸਿ ਲਾਗਾ ਤੂੰ ਫਿਰਹਿ ਬਿਰਥਾ ਜਨਮੁ ਗਵਾਇ ॥੧॥ਰਹਾਉ॥	ਮਹਲਾ ੩	੪੩੦
ਇਨ੍ਹ ਬਿਧਿ ਨਗਰੁ ਵੁਠਾ ਮੇਰੇ ਭਾਈ ॥ ਦੁਰਤੁ ਗਇਆ ਗੁਰਿ ਗਿਆਨੁ ਦ੍ਰਿੜਾਈ ॥੧॥ਰਹਾਉ॥	ਮਹਲਾ ੫	੪੩੦
ਮੇਰੇ ਮਨ ਹਰਿ ਸਿਉ ਲਾਗੀ ਪ੍ਰੀਤਿ ॥ ਸਾਧਸੰਗਿ ਹਰਿ ਹਰਿ ਜਪਤ ਨਿਰਮਲ ਸਾਚੀ ਰੀਤਿ ॥੧॥ਰਹਾਉ॥	ਮਹਲਾ ੫	੪੩੧
ਮਨ ਕਾਹੇ ਭੂਲੇ ਮੂੜ ਮਨਾ ॥ ਜਬ ਲੇਖਾ ਦੇਵਹਿ ਬੀਰਾ ਤਉ ਪੜਿਆ ॥੧॥ਰਹਾਉ॥	ਮਹਲਾ ੧	੪੩੨
ਮਨ ਐਸਾ ਲੇਖਾ ਤੂੰ ਕੀ ਪੜਿਆ ॥ ਲੇਖਾ ਦੇਣਾ ਤੇਰੈ ਸਿਰਿ ਰਹਿਆ ॥੧॥ਰਹਾਉ॥	ਮਹਲਾ ੩	੪੩੪
ਬਲਿਹਾਰੀ ਕੁਦਰਤਿ ਵਸਿਆ ॥ ਤੇਰਾ ਅੰਤੁ ਨ ਜਾਈ ਲਖਿਆ ॥੧॥ਰਹਾਉ॥	ਮਹਲਾ ੧	੪੬੯
ਦੇਵ ਕਰਹੁ ਦਇਆ ਮੋਹਿ ਮਾਰਗਿ ਲਾਵਹੁ ਜਿਤੁ ਭੈ ਬੰਧਨ ਤੂਟੈ ॥ ਜਨਮ ਮਰਨ ਦੁਖ ਫੇੜ ਕਰਮ ਸੁਖ ਜੀਅ ਜਨਮ ਤੇ ਛੂਟੈ ॥੧॥ਰਹਾਉ॥	ਕਬੀਰ	੪੭੫
ਐਸੇ ਸੰਤ ਨ ਮੋ ਕਉ ਭਾਵਹਿ ॥ ਡਾਲਾ ਸਿਉ ਪੇਡਾ ਗਟਕਾਵਹਿ ॥੧॥ਰਹਾਉ॥	ਕਬੀਰ	੪੭੫
ਮੁਈ ਮੇਰੀ ਮਾਈ ਹਉ ਖਰਾ ਸੁਖਾਲਾ ॥ ਪਹਿਰਉ ਨਹੀ ਦਗਲੀ ਲਗੈ ਨ ਪਾਲਾ ॥੧॥ਰਹਾਉ॥	ਕਬੀਰ	੪੭੬
ਨਕਟੀ ਕੋ ਠਨਗਨੁ ਬਾਡਾ ਡੂੰ ॥ ਕਿਨਹਿ ਬਿਬੇਕੀ ਕਾਟੀ ਤੂੰ ॥੧॥ਰਹਾਉ॥	ਕਬੀਰ	੪੭੬
ਤਾ ਤੇ ਸੇਵੀਅਲੇ ਰਾਮਨਾ ॥ ਰਸਨਾ ਰਾਮ ਨਾਮ ਹਿਤੁ ਜਾ ਕੈ ਕਹਾ ਕਰੈ ਜਮਨਾ ॥੧॥ਰਹਾਉ॥	ਕਬੀਰ	੪੭੬
ਰਾਜਾ ਰਾਮ ਕਕਰੀਆ ਬਰੇ ਪਕਾਏ ॥ ਕਿਨੈ ਬੂਝਨਹਾਰੈ ਖਾਏ ॥੧॥ਰਹਾਉ॥	ਕਬੀਰ	੪੭੭
ਐਸਾ ਜੋਗੀ ਨਉ ਨਿਧਿ ਪਾਵੈ ॥ ਤਲ ਕਾ ਬ੍ਰਹਮੁ ਲੇ ਗਗਨਿ ਚਰਾਵੈ ॥੧॥ਰਹਾਉ॥	ਕਬੀਰ	੪੭੭
ਕਾਜੀ ਤੈ ਕਵਨ ਕਤੇਬ ਬਖਾਨੀ ॥	ਕਬੀਰ	੪੭੭

ਪੜ੍ਹਤ ਗੁਨਤ ਐਸੇ ਸਭ ਮਾਰੇ ਕਿਨਹੂੰ ਖਬਰਿ ਨ ਜਾਨੀ ॥੧॥ਰਹਾਉ॥		
ਰੇ ਬਉਰੇ ਤੁਹਿ ਘਰੀ ਨ ਰਾਖੈ ਕੋਈ ॥ ਤੂੰ ਰਾਮ ਨਾਮੁ ਜਪਿ ਸੋਈ ॥੧॥ਰਹਾਉ॥	ਕਬੀਰ	੪੭੮
ਹਰਿ ਕਾ ਬਿਲੋਵਨਾ ਬਿਲੋਵਹੁ ਮੇਰੇ ਭਾਈ ॥ ਸਹਜਿ ਬਿਲੋਵਹੁ ਜੈਸੇ ਤਤੁ ਨ ਜਾਈ ॥੧॥ਰਹਾਉ॥	ਕਬੀਰ	੪੭੮
ਬੁਝਿ ਗਈ ਅਗਨਿ ਨ ਨਿਕਸਿਓ ਧੂੰਆ ॥ ਰਵਿ ਰਹਿਆ ਏਕੁ ਅਵਰੁ ਨਹੀ ਦੂਆ ॥੧॥ਰਹਾਉ॥	ਕਬੀਰ	੪੭੮
ਰਾਮਈਆ ਹਉ ਬਾਰਿਕੁ ਤੇਰਾ ॥ ਕਾਹੇ ਨ ਖੰਡਸਿ ਅਵਗਨੁ ਮੇਰਾ ॥੧॥ਰਹਾਉ॥	ਕਬੀਰ	੪੭੮
ਵਾਹੁ ਵਾਹੁ ਕਿਆ ਖੂਬੁ ਗਾਵਤਾ ਹੈ ॥ ਹਰਿ ਕਾ ਨਾਮੁ ਮੇਰੈ ਮਨਿ ਭਾਵਤਾ ਹੈ ॥੧॥ਰਹਾਉ॥	ਕਬੀਰ	੪੭੮
ਭੂਲੀ ਮਾਲਨੀ ਹੈ ਏਉ ॥ ਸਤਿਗੁਰੁ ਜਾਗਤਾ ਹੈ ਦੇਉ ॥੧॥ਰਹਾਉ॥	ਕਬੀਰ	੪੭੯
ਮੇਰੀ ਮੇਰੀ ਕਰਤੇ ਜਨਮੁ ਗਇਓ ॥ ਸਾਇਰੁ ਸੋਖਿ ਭੁਜੰ ਬਲਇਓ ॥੧॥ਰਹਾਉ॥	ਕਬੀਰ	੪੭੯
ਅਹਿਰਖ ਵਾਦੁ ਨ ਕੀਜੈ ਰੇ ਮਨ ॥ ਸੁਕ੍ਰਿਤੁ ਕਰਿ ਕਰਿ ਲੀਜੈ ਰੇ ਮਨ ॥੧॥ਰਹਾਉ॥	ਕਬੀਰ	੪੭੯
ਕਾਜੀ ਬੋਲਿਆ ਬਨਿ ਨਹੀ ਆਵੈ ॥੧॥ਰਹਾਉ॥	ਕਬੀਰ	੪੮੦
ਬਾਬਾ ਬੋਲਤੇ ਤੇ ਕਹਾ ਗਏ ਦੇਹੀ ਕੇ ਸੰਗਿ ਰਹਤੇ ॥ ਸੁਰਤਿ ਮਾਹਿ ਜੋ ਨਿਰਤੇ ਕਰਤੇ ਕਥਾ ਬਾਰਤਾ ਕਹਤੇ ॥੧॥ਰਹਾਉ॥	ਕਬੀਰ	੪੮੦
ਮਾਰੁ ਮਾਰੁ ਸ੍ਰਪਨੀ ਨਿਰਮਲ ਜਲਿ ਪੈਠੀ ॥ ਜਿਨਿ ਤ੍ਰਿਭਵਣੁ ਡਸੀਅਲੇ ਗੁਰ ਪ੍ਰਸਾਦਿ ਡੀਠੀ ॥੧॥ਰਹਾਉ॥	ਕਬੀਰ	੪੮੦
ਰਾਮ ਰਾਮ ਰਾਮ ਰਮੇ ਰਮਿ ਰਹੀਐ ॥ ਸਾਕਤ ਸਿਉ ਭੂਲਿ ਨਹੀ ਕਹੀਐ ॥੧॥ਰਹਾਉ॥	ਕਬੀਰ	੪੮੧
ਕਿਆ ਮਾਗਉ ਕਿਛੁ ਥਿਰੁ ਨ ਰਹਾਈ ॥ ਦੇਖਤ ਨੈਨ ਚਲਿਓ ਜਗੁ ਜਾਈ ॥੧॥ਰਹਾਉ॥	ਕਬੀਰ	੪੮੧
ਏਕੁ ਅਚੰਭਉ ਸੁਨਹੁ ਤੁਮ੍ ਭਾਈ ॥ ਦੇਖਤ ਸਿੰਘੁ ਚਰਾਵਤ ਗਾਈ ॥੧॥ਰਹਾਉ॥	ਕਬੀਰ	੪੮੧
ਪ੍ਰਾਨੀ ਕਾਹੇ ਕਉ ਲੋਭਿ ਲਾਗੇ ਰਤਨ ਜਨਮੁ ਖੋਇਆ ॥ ਪੂਰਬ ਜਨਮਿ ਕਰਮ ਭੂਮਿ ਬੀਜੁ ਨਾਹੀ ਬੋਇਆ ॥੧॥ਰਹਾਉ॥	ਕਬੀਰ	੪੮੧
ਗਾਉ ਗਾਉ ਰੀ ਦੁਲਹਨੀ ਮੰਗਲਚਾਰਾ ॥ ਮੇਰੇ ਗ੍ਰਿਹ ਆਏ ਰਾਜਾ ਰਾਮ ਭਤਾਰਾ ॥੧॥ਰਹਾਉ॥	ਕਬੀਰ	੪੮੨
ਮੇਰੀ ਮਤਿ ਬਉਰੀ ਮੈ ਰਾਮੁ ਬਿਸਾਰਿਓ ਕਿਨ ਬਿਧਿ ਰਹਨਿ ਰਹਉ ਰੇ ॥ ਸੇਜੈ ਰਮਤੁ ਨੈਨ ਨਹੀ ਪੇਖਉ ਇਹੁ ਦੁਖੁ ਕਾ ਸਉ ਕਹਉ ਰੇ ॥੧॥ਰਹਾਉ॥	ਕਬੀਰ	੪੮੨
ਮੇਰੀ ਜਿਹਬਾ ਬਿਸਨੁ ਨੈਨ ਨਾਰਾਇਨ ਹਿਰਦੈ ਬਸਹਿ ਗੋਬਿੰਦਾ ॥ ਜਮ ਦੁਆਰ ਜਬ ਪੂਛਸਿ ਬਵਰੇ ਤਬ ਕਿਆ ਕਹਸਿ ਮੁਕੰਦਾ ॥੧॥ਰਹਾਉ॥	ਕਬੀਰ	੪੮੨
ਬਾਬਾ ਮਾਇਆ ਮੋਹ ਹਿਤੁ ਕੀਨ੍ ॥ ਜਿਨਿ ਗਿਆਨੁ ਰਤਨੁ ਹਿਰਿ ਲੀਨ੍ ॥੧॥ਰਹਾਉ॥	ਕਬੀਰ	੪੮੨
ਅਬ ਮੋਹਿ ਨਾਚਨੋ ਨ ਆਵੈ ॥ ਮੇਰਾ ਮਨੁ ਮੰਦਰੀਆ ਨ ਬਜਾਵੈ ॥੧॥ਰਹਾਉ॥	ਕਬੀਰ	੪੮੩
ਕਾਜੀ ਸਾਹਿਬੁ ਏਕੁ ਤੋਹੀ ਮਹਿ ਤੇਰਾ ਸੋਚਿ ਬਿਚਾਰਿ ਨ ਦੇਖੈ ॥	ਕਬੀਰ	੪੮੩

ਖਬਰਿ ਨ ਕਰਹਿ ਦੀਨ ਕੇ ਬਉਰੇ ਤਾ ਤੇ ਜਨਮੁ ਅਲੇਖੈ ॥੧॥ਰਹਾਉ॥		
ਹਰਿ ਮੇਰੋ ਪਿਰੁ ਹਉ ਹਰਿ ਕੀ ਬਹੁਰੀਆ ॥ ਰਾਮ ਬਡੇ ਮੈ ਤਨਕ ਲਹੁਰੀਆ ॥੧॥ਰਹਾਉ॥	ਕਬੀਰ	੪੮੩
ਹਰਿ ਕੀ ਕਥਾ ਅਨਾਹਦ ਬਾਨੀ ॥ ਹੰਸੁ ਹੁਇ ਹੀਰਾ ਲੇਇ ਪਛਾਨੀ ॥੧॥ਰਹਾਉ॥	ਕਬੀਰ	੪੮੩
ਭਲੀ ਸਰੀ ਮੁਈ ਮੇਰੀ ਪਹਿਲੀ ਬਰੀ ॥ ਜੁਗੁ ਜੁਗੁ ਜੀਵਉ ਮੇਰੀ ਅਬ ਕੀ ਧਰੀ ॥੧॥ਰਹਾਉ॥	ਕਬੀਰ	੪੮੩
ਇਨ੍ਹ ਮੁੰਡੀਅਨ ਮੇਰਾ ਘਰੁ ਧੁੰਧਰਾਵਾ ॥ ਬਿਟਵਹਿ ਰਾਮ ਰਮਊਆ ਲਾਵਾ ॥੧॥ਰਹਾਉ॥	ਕਬੀਰ	੪੮੪
ਰਹੁ ਰਹੁ ਰੀ ਬਹੁਰੀਆ ਘੂੰਘਟੁ ਜਿਨਿ ਕਾਢੈ ॥ ਅੰਤ ਕੀ ਬਾਰ ਲਹੈਗੀ ਨ ਆਢੈ ॥੧॥ਰਹਾਉ॥	ਕਬੀਰ	੪੮੪
ਹਉ ਵਾਰੀ ਮੁਖੁ ਫੇਰਿ ਪਿਆਰੇ ॥ ਕਰਵਟੁ ਦੇ ਮੋ ਕਉ ਕਾਹੇ ਕਉ ਮਾਰੇ ॥੧॥ਰਹਾਉ॥	ਕਬੀਰ	੪੮੪
ਕੋਰੀ ਕੋ ਕਾਹੂ ਮਰਮੁ ਨ ਜਾਨਾਂ ॥ ਸਭੁ ਜਗੁ ਆਨਿ ਤਨਾਇਓ ਤਾਨਾਂ ॥੧॥ਰਹਾਉ॥	ਕਬੀਰ	੪੮੪
ਪੂਜਹੁ ਰਾਮੁ ਏਕੁ ਹੀ ਦੇਵਾ ॥ ਸਾਚਾ ਨਾਵਣੁ ਗੁਰ ਕੀ ਸੇਵਾ ॥੧॥ਰਹਾਉ॥	ਕਬੀਰ	੪੮੪
ਸਭੁ ਗੋਬਿੰਦੁ ਹੈ ਸਭੁ ਗੋਬਿੰਦੁ ਹੈ ਗੋਬਿੰਦ ਬਿਨੁ ਨਹੀ ਕੋਈ ॥ ਸੂਤੁ ਏਕੁ ਮਣਿ ਸਤ ਸਹੰਸ ਜੈਸੇ ਓਤਿ ਪੋਤਿ ਪ੍ਰਭੁ ਸੋਈ ॥੧॥ਰਹਾਉ॥	ਨਾਮਦੇਓ	੪੮੫
ਜਤ੍ਰ ਜਾਉ ਤਤ ਬੀਠਲੁ ਭੈਲਾ ॥ ਮਹਾ ਅਨੰਦ ਕਰੇ ਸਦ ਕੇਲਾ ॥੧॥ਰਹਾਉ॥	ਨਾਮਦੇਓ	੪੮੫
ਕਹਾ ਕਰਉ ਜਾਤੀ ਕਹ ਕਰਉ ਪਾਤੀ ॥ ਰਾਮ ਕੋ ਨਾਮੁ ਜਪਉ ਦਿਨ ਰਾਤੀ ॥੧॥ਰਹਾਉ॥	ਨਾਮਦੇਓ	੪੮੫
ਕਾਹੇ ਕਉ ਕੀਜੈ ਧਿਆਨੁ ਜਪੰਨਾ ॥ ਜਬ ਤੇ ਸੁਧੁ ਨਾਹੀ ਮਨੁ ਅਪਨਾ ॥੧॥ਰਹਾਉ॥	ਨਾਮਦੇਓ	੪੮੫
ਕੈਸੇ ਮਨ ਤਰਹਿਗਾ ਰੇ ਸੰਸਾਰੁ ਸਾਗਰੁ ਬਿਖੈ ਕੋ ਬਨਾ ॥ ਝੂਠੀ ਮਾਇਆ ਦੇਖਿ ਕੈ ਭੂਲਾ ਰੇ ਮਨਾ ॥੧॥ਰਹਾਉ॥	ਨਾਮਦੇਓ	੪੮੬
ਮਾਧੋ ਅਬਿਦਿਆ ਹਿਤ ਕੀਨ ॥ ਬਿਬੇਕ ਦੀਪ ਮਲੀਨ ॥੧॥ਰਹਾਉ॥	ਰਵਿਦਾਸ	੪੮੬
ਸੰਤ ਚੀ ਸੰਗਤਿ ਸੰਤ ਕਥਾ ਰਸੁ ॥ ਸੰਤ ਪ੍ਰੇਮ ਮਾਝੈ ਦੀਜੈ ਦੇਵਾ ਦੇਵ ॥੧॥ਰਹਾਉ॥	ਰਵਿਦਾਸ	੪੮੬
ਮਾਧਉ ਸਤਸੰਗਤਿ ਸਰਨਿ ਤੁਮ੍ਹਾਰੀ ॥ ਹਮ ਅਉਗਨ ਤੁਮ੍ਹ ਉਪਕਾਰੀ ॥੧॥ਰਹਾਉ॥	ਰਵਿਦਾਸ	੪੮੬
ਤੁਝਹਿ ਚਰਨ ਅਰਬਿੰਦ ਭਵਨ ਮਨੁ ॥ ਪਾਨ ਕਰਤ ਪਾਇਓ ਪਾਇਓ ਰਾਮਈਆ ਧਨੁ ॥੧॥ਰਹਾਉ॥	ਰਵਿਦਾਸ	੪੮੬
ਹਰਿ ਹਰਿ ਹਰਿ ਹਰਿ ਹਰਿ ਹਰਿ ਹਰੇ ॥ ਹਰਿ ਸਿਮਰਤ ਜਨ ਗਏ ਨਿਸਤਰਿ ਤਰੇ ॥੧॥ਰਹਾਉ॥	ਰਵਿਦਾਸ	੪੮੭
ਮਾਟੀ ਕੋ ਪੁਤਰਾ ਕੈਸੇ ਨਚਤੁ ਹੈ ॥ ਦੇਖੈ ਦੇਖੈ ਸੁਨੈ ਬੋਲੈ ਦਉਰਿਓ ਫਿਰਤੁ ਹੈ ॥੧॥ਰਹਾਉ॥	ਰਵਿਦਾਸ	੪੮੭

ਭ੍ਰਮਤ ਫਿਰਤ ਬਹੁ ਜਨਮ ਬਿਲਾਨੇ ਤਨੁ ਮਨੁ ਧਨੁ ਨਹੀ ਧੀਰੇ ॥ ਲਾਲਚ ਬਿਖੁ ਕਾਮ ਲੁਬਧ ਰਾਤਾ ਮਨਿ ਬਿਸਰੇ ਪ੍ਰਭ ਹੀਰੇ ॥੧॥ਰਹਾਉ॥	ਧੰਨੇ ਜੀ	੪੮੭
ਗੋਬਿੰਦ ਗੋਬਿੰਦ ਗੋਬਿੰਦ ਸੰਗਿ ਨਾਮਦੇਉ ਮਨੁ ਲੀਣਾ ॥ ਆਢ ਦਾਮ ਕੋ ਛੀਪਰੋ ਹੋਇਓ ਲਾਖੀਣਾ ॥੧॥ਰਹਾਉ॥	ਧੰਨੇ ਜੀ	੪੮੭
ਰੇ ਚਿਤ ਚੇਤਸਿ ਕੀ ਨ ਦਯਾਲ ਦਮੋਦਰ ਬਿਬਹਿ ਨ ਜਾਨਸਿ ਕੋਈ ॥ ਜੇ ਧਾਵਹਿ ਬ੍ਰਹਮੰਡ ਖੰਡ ਕਉ ਕਰਤਾ ਕਰੈ ਸੁ ਹੋਈ ॥੧॥ਰਹਾਉ॥	ਧੰਨੇ ਜੀ	੪੮੮
ਰਤੇ ਇਸਕ ਖੁਦਾਇ ਰੰਗਿ ਦੀਦਾਰ ਕੇ ॥ ਵਿਸਰਿਆ ਜਿਨ੍ ਨਾਮੁ ਤੇ ਭੁਇ ਭਾਰੁ ਥੀਏ ॥੧॥ਰਹਾਉ॥	ਫਰੀਦ	੪੮੮
ਆਜੁ ਮਿਲਾਵਾ ਸੇਖ ਫਰੀਦ ਟਾਕਿਮ ਕੂੰਜੜੀਆ ਮਨਹੁ ਮਚਿੰਦੜੀਆ ॥੧॥ਰਹਾਉ॥	ਫਰੀਦ	੪੮੮

ਰਾਗੁ ਗੂਜਰੀ

ਪੂਜਾ ਕੀਚੈ ਨਾਮੁ ਧਿਆਈਐ ਬਿਨੁ ਨਾਵੈ ਪੂਜ ਨ ਹੋਇ ॥੧॥ਰਹਾਉ॥	ਮਹਲਾ ੧	੪੮੯
ਪ੍ਰੀਤਮ ਕਿਉ ਬਿਸਰਹਿ ਮੇਰੇ ਪ੍ਰਾਣ ਅਧਾਰ ॥ ਜਾ ਕੀ ਭਗਤਿ ਕਰਹਿ ਜਨ ਪੂਰੇ ਮੁਨਿ ਜਨ ਸੇਵਹਿ ਗੁਰ ਵੀਚਾਰਿ ॥੧॥ਰਹਾਉ॥	ਮਹਲਾ ੧	੪੮੯
ਐਸਾ ਸਤਿਗੁਰੁ ਸੇਵੀਐ ਮਨਾ ਜਿਤੁ ਸੇਵਿਐ ਗੋਵਿਦ ਪ੍ਰੀਤਿ ਊਪਜੈ ਅਵਰ ਵਿਸਰਿ ਸਭ ਜਾਇ ॥ ਹਰਿ ਸੇਤੀ ਚਿਤੁ ਗਹਿ ਰਹੈ ਜਰਾ ਕਾ ਭਉ ਨ ਹੋਵਈ ਜੀਵਨ ਪਦਵੀ ਪਾਇ ॥੧॥ਰਹਾਉ॥	ਮਹਲਾ ੩	੪੯੦
ਹਰਿ ਮੇਰੀ ਪ੍ਰੀਤਿ ਰੀਤਿ ਹੈ ਹਰਿ ਮੇਰੀ ਹਰਿ ਮੇਰੀ ਕਥਾ ਕਹਾਨੀ ਜੀ ॥ ਗੁਰ ਪ੍ਰਸਾਦਿ ਮੇਰਾ ਮਨੁ ਭੀਜੈ ਏਹਾ ਸੇਵ ਬਨੀ ਜੀਉ ॥੧॥ਰਹਾਉ॥	ਮਹਲਾ ੩	੪੯੦
ਬਲਿਹਾਰੀ ਗੁਰ ਆਪਣੇ ਸਦ ਬਲਿਹਾਰੈ ਜਾਉ ॥ ਸਤਿਗੁਰ ਮਿਲਿਐ ਹਰਿ ਮਨਿ ਵਸੈ ਸਹਜੇ ਰਹੈ ਸਮਾਇ ॥੧॥ਰਹਾਉ॥	ਮਹਲਾ ੩	੪੯੦
ਅੰਤਰਿ ਗੋਵਿੰਦ ਜਿਸੁ ਲਾਗੈ ਪ੍ਰੀਤਿ ॥ ਹਰਿ ਤਿਸੁ ਕਦੇ ਨ ਵੀਸਰੈ ਹਰਿ ਹਰਿ ਕਰਹਿ ਸਦਾ ਮਨਿ ਚੀਤਿ ॥੧॥ਰਹਾਉ॥	ਮਹਲਾ ੩	੪੯੧
ਹਰਿ ਚੇਤਿ ਅਚੇਤ ਮਨਾ ਜੋ ਇਛਹਿ ਸੋ ਫਲੁ ਹੋਈ ॥ ਗੁਰ ਪਰਸਾਦੀ ਹਰਿ ਰਸੁ ਪਾਵਹਿ ਪੀਵਤ ਰਹਹਿ ਸਦਾ ਸੁਖੁ ਹੋਈ ॥੧॥ਰਹਾਉ॥	ਮਹਲਾ ੩	੪੯੧
ਹਰਿ ਕਥਾ ਤੂੰ ਸੁਣਿ ਰੇ ਮਨ ਸਬਦੁ ਮੰਨਿ ਵਸਾਇ ॥ ਇਹ ਮਤਿ ਤੇਰੀ ਥਿਰੁ ਰਹੈ ਤਾਂ ਭਰਮੁ ਵਿਚਹੁ ਜਾਇ ॥੧॥ਰਹਾਉ॥	ਮਹਲਾ ੩	੪੯੧
ਹਰਿ ਚਰਣੀ ਤੂੰ ਲਾਗਿ ਰਹੁ ਗੁਰ ਸਬਦਿ ਸੋਝੀ ਹੋਈ ॥ ਹਰਿ ਰਸੁ ਰਸਨਾ ਚਾਖੁ ਤੂੰ ਤਾਂ ਮਨੁ ਨਿਰਮਲੁ ਹੋਈ ॥੧॥ਰਹਾਉ॥	ਮਹਲਾ ੩	੪੯੨
ਮੇਰੇ ਮੀਤ ਗੁਰਦੇਵ ਮੋ ਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥੧॥ਰਹਾਉ॥	ਮਹਲਾ ੪	੪੯੨

ਮੇਰੇ ਭਾਈ ਜਨਾ ਮੋ ਕਉ ਗੋਵਿੰਦੁ ਗੋਵਿੰਦੁ ਗੋਵਿੰਦੁ ਮਨੁ ਮੋਹੈ ॥ ਗੋਵਿੰਦ ਗੋਵਿੰਦ ਮਹਲਾ ੪ ੪੯੨
ਗੋਵਿੰਦ ਗੁਣ ਗਾਵਾ ਮਿਲਿ ਗੁਰ ਸਾਧਸੰਗਤਿ ਜਨੁ ਸੋਹੈ ॥੧॥ਰਹਾਉ॥

ਰਾਮ ਮੋ ਕਉ ਹਰਿ ਜਨ ਮੇਲਿ ਪਿਆਰੇ ॥ ਮੇਰੇ ਪ੍ਰੀਤਮ ਪ੍ਰਾਨ ਸਤਿਗੁਰੁ ਗੁਰੁ ਪੂਰਾ ਮਹਲਾ ੪ ੪੯੩
ਹਮ ਪਾਪੀ ਗੁਰਿ ਨਿਸਤਾਰੇ ॥੧॥ਰਹਾਉ॥

ਮਨ ਮੇਰੇ ਮੇਰਾ ਰਾਮ ਨਾਮੁ ਸਖਾ ਹਰਿ ਭਾਈ ॥ ਗੁਰਮਤਿ ਰਾਮ ਨਾਮੁ ਜਸੁ ਗਾਵਾ ਮਹਲਾ ੪ ੪੯੩
ਅੰਤਿ ਬੇਲੀ ਦਰਗਹ ਲਏ ਛਡਾਈ ॥੧॥ਰਹਾਉ॥

ਮੇਰੇ ਪ੍ਰਾਨ ਸਖਾ ਗੁਰ ਕੇ ਸਿਖ ਭਾਈ ਮਹਲਾ ੪ ੪੯੩
ਮੋ ਕਉ ਕਰਹੁ ਉਪਦੇਸੁ ਹਰਿ ਮਿਲੈ ਮਿਲਾਇਆ ॥੧॥ਰਹਾਉ॥

ਭਾਈ ਰੇ ਮੋ ਕਉ ਕੋਈ ਆਇ ਮਿਲੈ ਹਰਿ ਨਾਮੁ ਦ੍ਰਿੜਾਵੈ ॥ ਮੇਰੇ ਪ੍ਰੀਤਮ ਪ੍ਰਾਨ ਮਹਲਾ ੪ ੪੯੪
ਮਨੁ ਤਨੁ ਸਭੁ ਦੇਵਾ ਮੇਰੇ ਹਰਿ ਪ੍ਰਭ ਕੀ ਹਰਿ ਕਥਾ ਸੁਨਾਵੈ ॥੧॥ਰਹਾਉ॥

ਹਮਰਾ ਜੋਰੁ ਸਭੁ ਰਹਿਓ ਮੇਰੇ ਬੀਰ ॥ ਮਹਲਾ ੪ ੪੯੪
ਹਰਿ ਕਾ ਤਨੁ ਮਨੁ ਸਭੁ ਹਰਿ ਕੈ ਵਸਿ ਹੈ ਸਰੀਰ ॥੧॥ਰਹਾਉ॥

ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸਿ ਤਰਿਆ ॥ ਮਹਲਾ ੫ ੪੯੫
ਗੁਰ ਪਰਸਾਦਿ ਪਰਮ ਪਦੁ ਪਾਇਆ ਸੂਕੇ ਕਾਸਟ ਹਰਿਆ ॥੧॥ਰਹਾਉ॥

ਮੇਰੇ ਠਾਕੁਰ ਰਖਿ ਲੇਵਹੁ ਕਿਰਪਾ ਧਾਰੀ ॥ ਮਹਲਾ ੫ ੪੯੫
ਕੋਟਿ ਮਧੇ ਕੋ ਵਿਰਲਾ ਸੇਵਕੁ ਹੋਰਿ ਸਗਲੇ ਬਿਉਹਾਰੀ ॥੧॥ਰਹਾਉ॥

ਮਾਈ ਖਾਟਿ ਆਇਓ ਘਰਿ ਪੂਤਾ ॥ ਮਹਲਾ ੫ ੪੯੫
ਹਰਿ ਧਨੁ ਚਲਤੇ ਹਰਿ ਧਨੁ ਬੈਸੇ ਹਰਿ ਧਨੁ ਜਾਗਤ ਸੂਤਾ ॥੧॥ਰਹਾਉ॥

ਪੂਤਾ ਮਾਤਾ ਕੀ ਆਸੀਸ ॥ ਨਿਮਖ ਨ ਬਿਸਰਉ ਤੁਮ੍ ਕਉ ਹਰਿ ਹਰਿ ਸਦਾ ਮਹਲਾ ੫ ੪੯੬
ਭਜਹੁ ਜਗਦੀਸ ॥੧॥ਰਹਾਉ॥

ਸਿਆਨਪ ਕਾਹੂ ਕਾਮਿ ਨ ਆਤ ॥ ਮਹਲਾ ੫ ੪੯੬
ਜੋ ਅਨਰੂਪਿਓ ਠਾਕੁਰਿ ਮੇਰੈ ਹੋਇ ਰਹੀ ਉਹ ਬਾਤ ॥੧॥ਰਹਾਉ॥

ਹਰਿ ਜਸੁ ਸਾਧਸੰਗਿ ਮਿਲਿ ਗਾਇਓ ॥ ਗੁਰ ਪਰਸਾਦਿ ਭਇਓ ਮਨੁ ਨਿਰਮਲੁ ਮਹਲਾ ੫ ੪੯੬
ਸਰਬ ਸੁਖਾ ਸੁਖ ਪਾਇਅਉ ॥੧॥ਰਹਾਉ॥

ਗੁਰ ਹਰਿ ਬਿਨੁ ਕੋ ਨ ਬ੍ਰਿਥਾ ਦੁਖੁ ਕਾਟੈ ॥ ਪ੍ਰਭੁ ਤਜਿ ਅਵਰ ਸੇਵਕੁ ਜੇ ਹੋਈ ਹੈ ਮਹਲਾ ੫ ੪੯੭
ਤਿਤੁ ਮਾਨੁ ਮਹਤੁ ਜਸੁ ਘਾਟੈ ॥੧॥ਰਹਾਉ॥

ਅਵਰ ਸਭ ਮਿਥਿਆ ਲੋਭ ਲਬੀ ॥ ਮਹਲਾ ੫ ੪੯੭
ਗੁਰਿ ਪੂਰੈ ਦੀਓ ਹਰਿ ਨਾਮਾ ਜੀਅ ਕਉ ਏਹਾ ਵਸਤੁ ਫਬੀ ॥੧॥ਰਹਾਉ॥

ਹਰਿ ਜਪਿ ਮਾਇਆ ਬੰਧਨ ਤੂਟੇ ॥ ਭਏ ਕ੍ਰਿਪਾਲ ਦਇਆਲ ਪ੍ਰਭ ਮੇਰੇ ਮਹਲਾ ੫ ੪੯੭
ਸਾਧਸੰਗਤਿ ਮਿਲਿ ਛੂਟੇ ॥੧॥ਰਹਾਉ॥

ਠਾਕੁਰ ਐਸੋ ਨਾਮੁ ਤੁਮ੍ਾਰੋ ॥ ਸਗਲ ਸ੍ਰਿਸਟਿ ਕੋ ਧਣੀ ਕਹੀਜੈ ਜਨ ਕੋ ਅੰਗੁ ਮਹਲਾ ੫ ੪੯੮
ਨਿਰਾਰੋ ॥੧॥ਰਹਾਉ॥

ਪ੍ਰਭ ਕੀ ਅਗਮ ਅਗਾਧਿ ਕਥਾ ॥ ਸੁਨੀਐ ਅਵਰ ਅਵਰ ਬਿਧਿ ਬੁਝੀਐ ਬਕਨ ਮਹਲਾ ੫ ੪੯੮
ਕਥਨ ਰਹਤਾ ॥੧॥ਰਹਾਉ॥

ਪ੍ਰਭ ਕੋ ਭਗਤਿ ਵਛਲੁ ਬਿਰਦਾਇਓ ॥ ਕਰੇ ਪ੍ਰਤਿਪਾਲ ਬਾਰਿਕ ਕੀ ਨਿਆਈ ਜਨ ਕਉ ਲਾਡ ਲਡਾਇਓ ॥੧॥ਰਹਾਉ॥	ਮਹਲਾ ੫	੪੯੮
ਮੋਹਨੁ ਪ੍ਰਾਨ ਮਾਨ ਰਾਗੀਲਾ ॥ ਬਾਸਿ ਰਹਿਓ ਹੀਅਰੇ ਕੈ ਸੰਗੇ ਪੇਖਿ ਮੋਹਿਓ ਮਨੁ ਲੀਲਾ ॥੧॥ਰਹਾਉ॥	ਮਹਲਾ ੫	੪੯੮
ਬਲਵੰਤਿ ਬਿਆਪਿ ਰਹੀ ਸਭ ਮਹੀ ॥ ਅਵਰੁ ਨ ਜਾਨਸਿ ਕੋਊ ਮਰਮਾ ਗੁਰ ਕਿਰਪਾ ਤੇ ਲਹੀ ॥੧॥ਰਹਾਉ॥	ਮਹਲਾ ੫	੪੯੯
ਠਾਕੁਰ ਹੋਏ ਆਪਿ ਦਇਆਲ ॥ ਭਈ ਕਲਿਆਣ ਆਨੰਦ ਰੂਪ ਹੁਈ ਹੈ ਉਬਰੇ ਬਾਲ ਗੁਪਾਲ ॥੧॥ਰਹਾਉ॥	ਮਹਲਾ ੫	੪੯੯
ਠਾਕੁਰ ਤੁਝ ਬਿਨੁ ਆਹਿ ਨ ਮੋਰਾ ॥ ਮੋਹਿ ਅਨਾਥ ਨਿਰਗੁਨ ਗੁਣੁ ਨਾਹੀ ਮੈ ਆਹਿਓ ਤੁਮ੍ਹਰਾ ਧੋਰਾ ॥੧॥ਰਹਾਉ॥	ਮਹਲਾ ੫	੪੯੯
ਸਾਜਨ ਐਸੋ ਸੰਤੁ ਸਹਾਈ ॥ ਜਿਸੁ ਭੇਟੇ ਤੂਟਹਿ ਮਾਇਆ ਬੰਧ ਬਿਸਰਿ ਨ ਕਬਹੂੰ ਜਾਈ ॥੧॥ਰਹਾਉ॥	ਮਹਲਾ ੫	੪੯੯
ਧਿਆਈਐ ਅਪਨੋ ਸਦਾ ਹਰੀ ॥ ਸੋਚ ਅੰਦੇਸਾ ਤਾ ਕਾ ਕਹਾ ਕਰੀਐ ਜਾ ਮਹਿ ਏਕ ਘਰੀ ॥੧॥ਰਹਾਉ॥	ਮਹਲਾ ੫	੪੯੯
ਠਾਕੁਰ ਜਾ ਸਿਮਰਾ ਤੂੰ ਤਾਹੀ ॥ ਕਰਿ ਕਿਰਪਾ ਸਰਬ ਪ੍ਰਤਿਪਾਲਕ ਪ੍ਰਭ ਕਉ ਸਦਾ ਸਲਾਹੀ ॥੧॥ਰਹਾਉ॥	ਮਹਲਾ ੫	੪੯੯
ਠਾਕੁਰ ਤੁਝ ਬਿਨੁ ਬੀਆ ਨ ਹੋਰ ॥ ਚਿਤਿ ਚਿਤਵਉ ਹਰਿ ਰਸਨ ਅਰਾਧਉ ਨਿਰਖਉ ਤੁਮਰੀ ਓਰ ॥੧॥ਰਹਾਉ॥	ਮਹਲਾ ੫	੫੦੦
ਅਬ ਮੋਹਿ ਆਇ ਪਰਿਓ ਸਰਨਾਇ ॥ ਗੁਹਜ ਪਾਵਕੋ ਬਹੁਤੁ ਪ੍ਰਜਾਰੈ ਮੋ ਕਉ ਸਤਿਗੁਰਿ ਦੀਓ ਹੈ ਬਤਾਇ ॥੧॥ਰਹਾਉ॥	ਮਹਲਾ ੫	੫੦੦
ਜਾ ਤੇ ਘਾਲ ਨ ਬਿਰਥੀ ਜਾਈਐ ॥ ਆਠ ਪਹਰ ਸਿਮਰਹੁ ਪ੍ਰਭੁ ਅਪਨਾ ਮਨਿ ਤਨਿ ਸਦਾ ਧਿਆਈਐ ॥੧॥ਰਹਾਉ॥	ਮਹਲਾ ੫	੫੦੦
ਮਨ ਮੇਰੇ ਚਰਨ ਕਮਲ ਸੰਗਿ ਰਾਚੁ ॥ ਸਗਲ ਜੀਅ ਜਾ ਕਉ ਆਰਾਧਹਿ ਤਾਹੂ ਕਉ ਤੂੰ ਜਾਚੁ ॥੧॥ਰਹਾਉ॥	ਮਹਲਾ ੫	੫੦੦
ਜਨ ਕੀ ਪੈਜ ਸਵਾਰੀ ਆਪ ॥ ਹਰਿ ਹਰਿ ਨਾਮੁ ਦੀਓ ਗੁਰਿ ਅਵਖਧੁ ਉਤਰਿ ਗਇਓ ਸਭੁ ਤਾਪ ॥੧॥ਰਹਾਉ॥	ਮਹਲਾ ੫	੫੦੦
ਕਬਹੂ ਹਰਿ ਸਿਉ ਚੀਤੁ ਨ ਲਾਇਓ ॥ ਧੰਧਾ ਕਰਤ ਬਿਹਾਨੀ ਅਉਧਹਿ ਗੁਣ ਨਿਧਿ ਨਾਮੁ ਨ ਗਾਇਓ ॥੧॥ਰਹਾਉ॥	ਮਹਲਾ ੫	੫੦੦
ਰਸਨਾ ਰਾਮ ਰਾਮ ਰਵੰਤ ॥ ਛੋਡਿ ਆਨ ਬਿਉਹਾਰ ਮਿਥਿਆ ਭਜੁ ਸਦਾ ਭਗਵੰਤ ॥੧॥ਰਹਾਉ॥	ਮਹਲਾ ੫	੫੦੧
ਰੇ ਚਿਤ ਚਰਣ ਕਮਲ ਅਰਾਧਿ ॥ ਸਰਬ ਸੂਖ ਕਲਿਆਣ ਪਾਵਹਿ ਮਿਟੈ ਸਗਲ ਉਪਾਧਿ ॥੧॥ਰਹਾਉ॥	ਮਹਲਾ ੫	੫੦੧
ਮੇਰੇ ਮਨ ਜਾਪਿ ਪ੍ਰਭ ਕਾ ਨਾਉ ॥ ਸੂਖ ਸਹਜ ਅਨੰਦ ਪਾਵਹਿ ਮਿਲੀ ਨਿਰਮਲ ਥਾਉ ॥੧॥ਰਹਾਉ॥	ਮਹਲਾ ੫	੫੦੧
ਹਰਿ ਹਰਿ ਨਾਮ ਕੀ ਮਨਿ ਪ੍ਰੀਤਿ ॥	ਮਹਲਾ ੫	੫੦੨

ਮਿਲਿ ਸਾਧ ਬਚਨ ਗੋਬਿੰਦ ਧਿਆਏ ਮਹਾ ਨਿਰਮਲ ਰੀਤਿ ॥੧॥ਰਹਾਉ॥		
ਮਨਿ ਤਨਿ ਬਾਛੀਐ ਜਨ ਧੂਰਿ ॥	ਮਹਲਾ ੫	੫੦੨
ਕੋਟਿ ਜਨਮ ਕੇ ਲਹਹਿ ਪਾਤਿਕ ਗੋਬਿੰਦ ਲੋਚਾ ਪੂਰਿ ॥੧॥ਰਹਾਉ॥		
ਮਨ ਚਰਣਾਰਬਿੰਦ ਉਪਾਸ ॥	ਮਹਲਾ ੫	੫੦੨
ਕਲਿ ਕਲੇਸ ਮਿਟੰਤ ਸਿਮਰਣਿ ਕਾਟਿ ਜਮਦੂਤ ਫਾਸ ॥੧॥ਰਹਾਉ॥		
ਗੋਵਿੰਦ ਤੁਝ ਬਿਨੁ ਅਵਰੁ ਨ ਠਾਉ ॥	ਮਹਲਾ ੫	੫੦੨
ਕਰਿ ਕਿਰਪਾ ਪਾਰਬ੍ਰਹਮ ਸੁਆਮੀ ਜਪੀ ਤੁਮਾਰਾ ਨਾਉ ॥ਰਹਾਉ॥		
ਚੇਤਹੁ ਬਾਸੁਦੇਉ ਬਨਵਾਲੀ ॥ ਰਾਮੁ ਰਿਦੈ ਜਪਮਾਲੀ ॥੧॥ਰਹਾਉ॥	ਮਹਲਾ ੧	੫੦੩
ਐ ਜੀ ਜਪੁ ਤਪੁ ਸੰਜਮੁ ਸਚੁ ਅਧਾਰ ॥ ਹਰਿ ਹਰਿ ਨਾਮੁ ਦੇਹਿ ਸੁਖੁ ਪਾਈਐ	ਮਹਲਾ ੧	੫੦੩
ਤੇਰੀ ਭਗਤਿ ਭਰੇ ਭੰਡਾਰ ॥੧॥ਰਹਾਉ॥		
ਭਾਈ ਰੇ ਰਾਮ ਨਾਮਿ ਚਿਤੁ ਲਾਈ ॥	ਮਹਲਾ ੧	੫੦੪
ਗੁਰ ਪਰਸਾਦੀ ਹਰਿ ਪ੍ਰਭ ਜਾਚੇ ਐਸੀ ਨਾਮ ਬਡਾਈ ॥੧॥ਰਹਾਉ॥		
ਭਾਈ ਰੇ ਗੁਰ ਕਿਰਪਾ ਤੇ ਭਗਤਿ ਠਾਕੁਰ ਕੀ ॥ ਸਤਿਗੁਰ ਵਾਕਿ ਹਿਰਦੈ ਹਰਿ	ਮਹਲਾ ੧	੫੦੪
ਨਿਰਮਲੁ ਨਾ ਜਮ ਕਾਣਿ ਨ ਜਮ ਕੀ ਬਾਕੀ ॥੧॥ਰਹਾਉ॥		
ਜਪਿ ਮਨ ਨਾਮੁ ਹਰਿ ਸਰਣੀ ॥	ਮਹਲਾ ੧	੫੦੫
ਸੰਸਾਰ ਸਾਗਰ ਤਾਰਿ ਤਾਰਣ ਰਮ ਨਾਮ ਕਰਿ ਕਰਣੀ ॥੧॥ਰਹਾਉ॥		
ਨਾਚੁ ਰੇ ਮਨ ਗੁਰ ਕੈ ਆਗੈ ॥	ਮਹਲਾ ੩	੫੦੬
ਗੁਰ ਕੈ ਭਾਣੈ ਨਾਚਹਿ ਤਾ ਸੁਖੁ ਪਾਵਹਿ ਅੰਤੇ ਜਮ ਭਉ ਭਾਗੈ ॥ਰਹਾਉ॥		
ਮਨ ਰੇ ਹਰਿ ਕੀਰਤਿ ਤਰੁ ਤਾਰੀ ॥	ਮਹਲਾ ੪	੫੦੬
ਗੁਰਮੁਖਿ ਨਾਮੁ ਅੰਮ੍ਰਿਤ ਜਲੁ ਪਾਈਐ ਜਿਨ ਕਉ ਕ੍ਰਿਪਾ ਤੁਮਾਰੀ ॥ਰਹਾਉ॥		
ਪਿਤਾ ਮੇਰੋ ਬਡੋ ਧਨੀ ਅਗਮਾ ॥	ਮਹਲਾ ੫	੫੦੭
ਉਸਤਤਿ ਕਵਨ ਕਰੀਜੈ ਕਰਤੇ ਪੇਖਿ ਰਹੇ ਬਿਸਮਾ ॥੧॥ਰਹਾਉ॥		
ਹਰਿ ਗੋਪਾਲ ਗੁਰ ਗੋਬਿੰਦ ॥	ਮਹਲਾ ੫	੫੦੮
ਚਰਣ ਸਰਣ ਦਇਆਲ ਕੇਸਵ ਤਾਰਿ ਜਗ ਭਵ ਸਿੰਧ ॥੧॥ਰਹਾਉ॥		
ਹਰਿ ਬਿਨੁ ਬੈਲ ਬਿਰਾਨੇ ਹੁਈਹੈ ॥	ਕਬੀਰ	੫੨੪
ਫਾਟੇ ਨਾਕਨ ਟੂਟੇ ਕਾਧਨ ਕੋਦਉ ਕੋ ਭੁਸੁ ਖਈਹੈ ॥੧॥ਰਹਾਉ॥		
ਤਨਨਾ ਬੁਨਨਾ ਸਭੁ ਤਜਿਓ ਹੈ ਕਬੀਰ ॥	ਕਬੀਰ	੫੨੪
ਹਰਿ ਕਾ ਨਾਮੁ ਲਿਖਿ ਲੀਓ ਸਰੀਰ ॥੧॥ਰਹਾਉ॥		
ਤੂੰ ਹਰਿ ਭਜੁ ਮਨ ਮੇਰੇ ਪਦੁ ਨਿਰਬਾਨੁ ॥	ਨਾਮਦੇਵ	੫੨੫
ਬਹੁਰਿ ਨ ਹੋਇ ਤੇਰਾ ਆਵਨ ਜਾਨੁ ॥੧॥ਰਹਾਉ॥		
ਕਉਨੁ ਕਹੈ ਕਿਣਿ ਬੂਝੀਐ ਰਮਈਆ ਆਕੁਲ ਰੀ ਬਾਈ ॥੧॥ਰਹਾਉ॥	ਨਾਮਦੇਵ	੫੨੫
ਮਾਈ ਗੋਬਿੰਦ ਪੂਜਾ ਕਹਾ ਲੈ ਚਰਾਵਉ ॥	ਰਵਿਦਾਸ	੫੨੫
ਅਵਰੁ ਨ ਫੂਲੁ ਅਨੂਪੁ ਨ ਪਾਵਉ ॥੧॥ਰਹਾਉ॥		
ਭਰਮੇ ਭੂਲੀ ਰੇ ਜੈ ਚੰਦਾ ॥ ਨਹੀ ਨਹੀ ਚੀਨ੍ਹਿਆ ਪਰਮਾਨੰਦਾ ॥੧॥ਰਹਾਉ॥	ਤ੍ਰਿਲੋਚਨ	੫੨੬
ਅਰੀ ਬਾਈ ਗੋਬਿਦ ਨਾਮੁ ਮਤਿ ਬੀਸਰੈ ॥ਰਹਾਉ॥	ਤ੍ਰਿਲੋਚਨ	੫੨੬

ਕੇਵਲ ਰਾਮ ਨਾਮ ਮਨੋਰਮੰ ॥ ਬਦਿ ਅੰਮ੍ਰਿਤ ਤਤ ਮਇਅੰ ॥ ਜੈਦੇਵ ੫੨੬
ਨ ਦਨੋਤਿ ਜਸਮਰਣੇਨ ਜਨਮ ਜਰਾਧਿ ਮਰਣ ਭਇਅੰ ॥੧॥ਰਹਾਉ॥

ਰਾਗੁ ਦੇਵਗੰਧਾਰੀ

ਸੇਵਕ ਜਨ ਬਨੇ ਠਾਕੁਰ ਲਿਵ ਲਾਗੇ ॥ ਮਹਲਾ ੪ ੫੨੭
ਜੋ ਤੁਮਰਾ ਜਸੁ ਕਹਤੇ ਗੁਰਮਤਿ ਤਿਨ ਮੁਖ ਭਾਗ ਸਭਾਗੇ ॥੧॥ਰਹਾਉ॥
ਮੇਰੋ ਸੁੰਦਰੁ ਕਹਹੁ ਮਿਲੈ ਕਿਤੁ ਗਲੀ ॥ ਮਹਲਾ ੪ ੫੨੭
ਹਰਿ ਕੇ ਸੰਤ ਬਤਾਵਹੁ ਮਾਰਗੁ ਹਮ ਪੀਛੈ ਲਾਗਿ ਚਲੀ ॥੧॥ਰਹਾਉ॥
ਮੇਰੇ ਮਨ ਮੁਖਿ ਹਰਿ ਹਰਿ ਹਰਿ ਬੋਲੀਐ ॥ ਮਹਲਾ ੪ ੫੨੭
ਗੁਰਮੁਖਿ ਰੰਗਿ ਚਲੂਲੈ ਰਾਤੀ ਹਰਿ ਪ੍ਰੇਮ ਭੀਨੀ ਚੋਲੀਐ ॥੧॥ਰਹਾਉ॥
ਅਬ ਹਮ ਚਲੀ ਠਾਕੁਰ ਪਹਿ ਹਾਰਿ ॥ ਮਹਲਾ ੪ ੫੨੭
ਜਬ ਹਮ ਸਰਣਿ ਪ੍ਰਭੂ ਕੀ ਆਈ ਰਾਖੁ ਪ੍ਰਭੂ ਭਾਵੈ ਮਾਰਿ ॥੧॥ਰਹਾਉ॥
ਹਰਿ ਗੁਣ ਗਾਵੈ ਹਉ ਤਿਸੁ ਬਲਿਹਾਰੀ ॥ ਦੇਖਿ ਦੇਖਿ ਜੀਵਾ ਸਾਧ ਗੁਰ ਦਰਸਨੁ ਮਹਲਾ ੪ ੫੨੮
ਜਿਸੁ ਹਿਰਦੈ ਨਾਮੁ ਮੁਰਾਰੀ ॥੧॥ਰਹਾਉ॥
ਹਰਿ ਕੇ ਨਾਮ ਬਿਨਾ ਸੁੰਦਰਿ ਹੈ ਨਕਟੀ ॥ ਜਿਉ ਬੇਸੁਆ ਕੇ ਘਰਿ ਪੂਤੁ ਜਮਤੁ ਹੈ ਮਹਲਾ ੪ ੫੨੮
ਤਿਸੁ ਨਾਮੁ ਪਰਿਓ ਹੈ ਧ੍ਰਕਟੀ ॥੧॥ਰਹਾਉ॥
ਮਾਈ ਗੁਰ ਚਰਣੀ ਚਿਤੁ ਲਾਈਐ ॥ ਪ੍ਰਭੁ ਹੋਇ ਕ੍ਰਿਪਾਲੁ ਕਮਲੁ ਪਰਗਾਸੇ ਸਦਾ ਮਹਲਾ ੫ ੫੨੮
ਸਦਾ ਹਰਿ ਧਿਆਈਐ ॥੧॥ਰਹਾਉ॥
ਮਾਈ ਹੋਨਹਾਰ ਸੋ ਹੋਈਐ ॥ ਮਹਲਾ ੫ ੫੨੮
ਰਾਚਿ ਰਹਿਓ ਰਚਨਾ ਪ੍ਰਭੁ ਅਪਨੀ ਕਹਾ ਲਾਭੁ ਕਹਾ ਖੋਈਐ ॥੧॥ਰਹਾਉ॥
ਮਾਈ ਸੁਨਤ ਸੋਚ ਭੈ ਡਰਤ ॥ ਮਹਲਾ ੫ ੫੨੯
ਮੇਰ ਤੇਰ ਤਜਉ ਅਭਿਮਾਨਾ ਸਰਨਿ ਸੁਆਮੀ ਕੀ ਪਰਤ ॥੧॥ਰਹਾਉ॥
ਮਨ ਹਰਿ ਕੀਰਤਿ ਕਰਿ ਸਦਹੂੰ ॥ ਮਹਲਾ ੫ ੫੨੯
ਗਾਵਤ ਸੁਨਤ ਜਪਤ ਉਧਾਰੈ ਬਰਨ ਅਬਰਨਾ ਸਭਹੂੰ ॥੧॥ਰਹਾਉ॥
ਮਨ ਜਿਉ ਅਪੁਨੇ ਪ੍ਰਭ ਭਾਵਉ ॥ ਮਹਲਾ ੫ ੫੨੯
ਨੀਚਹੁ ਨੀਚੁ ਨੀਚੁ ਅਤਿ ਨਾਨ੍ਹਾ ਹੋਇ ਗਰੀਬੁ ਬੁਲਾਵਉ ॥੧॥ਰਹਾਉ॥
ਪ੍ਰਭ ਜੀ ਤਉ ਪ੍ਰਸਾਦਿ ਭ੍ਰਮੁ ਡਾਰਿਓ ॥ ਤੁਮਰੀ ਕ੍ਰਿਪਾ ਤੇ ਸਭੁ ਕੋ ਅਪਨਾ ਮਨ ਮਹਲਾ ੫ ੫੨੯
ਮਹਿ ਇਹੈ ਬੀਚਾਰਿਓ ॥੧॥ਰਹਾਉ॥
ਮਨ ਸਗਲ ਸਿਆਨਪ ਰਹੀ ॥ ਮਹਲਾ ੫ ੫੨੯
ਕਰਨ ਕਰਾਵਨਹਾਰ ਸੁਆਮੀ ਨਾਨਕ ਓਟ ਗਹੀ ॥੧॥ਰਹਾਉ॥
ਹਰਿ ਪ੍ਰਾਨ ਪ੍ਰਭੂ ਸੁਖਦਾਤੇ ॥ ਗੁਰ ਪ੍ਰਸਾਦਿ ਕਾਹੂ ਜਾਤੇ ॥੧॥ਰਹਾਉ॥ ਮਹਲਾ ੫ ੫੨੯
ਸੋ ਪ੍ਰਭੁ ਜਤ ਕਤ ਪੇਖਿਓ ਨੈਣੀ ॥ ਮਹਲਾ ੫ ੫੩੦
ਸੁਖਦਾਈ ਜੀਅਨ ਕੋ ਦਾਤਾ ਅੰਮ੍ਰਿਤੁ ਜਾ ਕੀ ਬੈਣੀ ॥੧॥ਰਹਾਉ॥

ਹਰਿ ਰਾਮ ਨਾਮੁ ਜਪਿ ਲਾਹਾ ॥ ਮਹਲਾ ੫ ੫੩੦
ਗਤਿ ਪਾਵਹਿ ਸੁਖ ਸਹਜ ਅਨੰਦਾ ਕਾਟੇ ਜਮ ਕੇ ਫਾਹਾ ॥੧॥ਰਹਾਉ॥
ਮਨ ਕਹ ਅਹੰਕਾਰਿ ਅਫਾਰਾ ॥ ਮਹਲਾ ੫ ੫੩੦
ਦੁਰਗੰਧ ਅਪਵਿਤ੍ਰ ਅਪਾਵਨ ਭੀਤਰਿ ਜੋ ਦੀਸੈ ਸੋ ਛਾਰਾ ॥੧॥ਰਹਾਉ॥
ਸੋ ਪ੍ਰਭੁ ਨੇਰੈ ਹੂ ਤੇ ਨੇਰੈ ॥ ਮਹਲਾ ੫ ੫੩੦
ਸਿਮਰਿ ਧਿਆਇ ਗਾਇ ਗੁਨ ਗੋਬਿੰਦ ਦਿਨੁ ਰੈਨਿ ਸਾਝ ਸਵੇਰੈ ॥੧॥ਰਹਾਉ॥
ਮਨ ਗੁਰ ਮਿਲਿ ਨਾਮੁ ਅਰਾਧਿਓ ॥ ਮਹਲਾ ੫ ੫੩੦
ਸੂਖ ਸਹਜ ਆਨੰਦ ਮੰਗਲ ਰਸ ਜੀਵਨ ਕਾ ਮੂਲੁ ਬਾਧਿਓ ॥੧॥ਰਹਾਉ॥
ਮਾਈ ਜੋ ਪ੍ਰਭ ਕੇ ਗੁਨ ਗਾਵੈ ॥ ਮਹਲਾ ੫ ੫੩੧
ਸਫਲ ਆਇਆ ਜੀਵਨ ਫਲੁ ਤਾ ਕੋ ਪਾਰਬ੍ਰਹਮ ਲਿਵ ਲਾਵੈ ॥੧॥ਰਹਾਉ॥
ਚੰਚਲੁ ਸੁਪਨੈ ਹੀ ਉਰਝਾਇਓ ॥ ਮਹਲਾ ੫ ੫੩੧
ਇਤਨੀ ਨ ਬੂਝੈ ਕਬਹੂ ਚਲਨਾ ਬਿਕਲ ਭਇਓ ਸੰਗਿ ਮਾਇਓ ॥੧॥ਰਹਾਉ॥
ਸਰਬ ਸੁਖਾ ਗੁਰ ਚਰਨਾ ॥ ਮਹਲਾ ੫ ੫੩੧
ਕਲਿਮਲ ਡਾਰਨ ਮਨਹਿ ਸਧਾਰਨ ਇਹ ਆਸਰ ਮੋਹਿ ਤਰਨਾ ॥੧॥ਰਹਾਉ॥
ਅਪੁਨੇ ਹਰਿ ਪਹਿ ਬਿਨਤੀ ਕਹੀਐ ॥ ਚਾਰਿ ਪਦਾਰਥ ਅਨਦ ਮੰਗਲ ਨਿਧਿ ਸੂਖ ਮਹਲਾ ੫ ੫੩੧
ਸਹਜ ਸਿਧਿ ਲਹੀਐ ॥੧॥ਰਹਾਉ॥
ਗੁਰ ਕੇ ਚਰਨ ਰਿਦੈ ਪਰਵੇਸਾ ॥ ਮਹਲਾ ੫ ੫੩੧
ਰੋਗ ਸੋਗ ਸਭਿ ਦੂਖ ਬਿਨਾਸੇ ਉਤਰੇ ਸਗਲ ਕਲੇਸਾ ॥੧॥ਰਹਾਉ॥
ਮਾਈ ਪ੍ਰਭ ਕੇ ਚਰਨ ਨਿਹਾਰਉ ॥ ਮਹਲਾ ੫ ੫੩੧
ਕਰਹੁ ਅਨੁਗ੍ਰਹੁ ਸੁਆਮੀ ਮੇਰੇ ਮਨ ਤੇ ਕਬਹੁ ਨ ਡਾਰਉ ॥੧॥ਰਹਾਉ॥
ਪ੍ਰਭ ਜੀਉ ਪੇਖਉ ਦਰਸੁ ਤੁਮਾਰਾ ॥ ਮਹਲਾ ੫ ੫੩੨
ਸੁੰਦਰ ਧਿਆਨੁ ਧਾਰੁ ਦਿਨੁ ਰੈਨੀ ਜੀਅ ਪ੍ਰਾਨ ਤੇ ਪਿਆਰਾ ॥੧॥ਰਹਾਉ॥
ਤੇਰਾ ਜਨੁ ਰਾਮ ਰਸਾਇਣਿ ਮਾਤਾ ॥ ਮਹਲਾ ੫ ੫੩੨
ਪ੍ਰੇਮ ਰਸਾ ਨਿਧਿ ਜਾ ਕਉ ਉਪਜੀ ਛੋਡਿ ਨ ਕਤਹੂ ਜਾਤਾ ॥੧॥ਰਹਾਉ॥
ਮਾਈ ਗੁਰ ਬਿਨੁ ਗਿਆਨੁ ਨ ਪਾਈਐ ॥ ਮਹਲਾ ੫ ੫੩੨
ਅਨਿਕ ਪ੍ਰਕਾਰ ਫਿਰਤ ਬਿਲਲਾਤੇ ਮਿਲਤ ਨਹੀ ਗੋਸਾਈਐ ॥੧॥ਰਹਾਉ॥
ਠਾਕੁਰ ਹੋਏ ਆਪਿ ਦਇਆਲ ॥ ਮਹਲਾ ੫ ੫੩੨
ਭਈ ਕਲਿਆਣ ਅਨੰਦ ਰੂਪ ਹੋਈ ਹੈ ਉਬਰੇ ਬਾਲ ਗੁਪਾਲ ॥ਰਹਾਉ॥
ਅਪੁਨੇ ਸਤਿਗੁਰ ਪਹਿ ਬਿਨਉ ਕਹਿਆ ॥ ਭਏ ਕ੍ਰਿਪਾਲ ਦਇਆਲ ਦੁਖ ਭੰਜਨ ਮਹਲਾ ੫ ੫੩੩
ਮੇਰਾ ਸਗਲ ਅੰਦੇਸਰਾ ਗਇਆ ॥ਰਹਾਉ॥
ਅਨਾਥ ਨਾਥ ਪ੍ਰਭ ਹਮਾਰੇ ॥ ਸਰਨਿ ਆਇਓ ਰਾਖਨਹਾਰੇ ॥ਰਹਾਉ॥ ਮਹਲਾ ੫ ੫੩੩
ਪ੍ਰਭ ਇਹੈ ਮਨੋਰਥੁ ਮੇਰਾ ॥ ਕ੍ਰਿਪਾ ਨਿਧਾਨ ਦਇਆਲ ਮੋਹਿ ਦੀਜੈ ਕਰਿ ਸੰਤਨ ਮਹਲਾ ੫ ੫੩੩
ਕਾ ਚੇਰਾ ॥ਰਹਾਉ॥
ਮੀਤਾ ਐਸੇ ਹਰਿ ਜੀਉ ਪਾਏ ॥ ਮਹਲਾ ੫ ੫੩੩
ਛੋਡਿ ਨ ਜਾਈ ਸਦ ਹੀ ਸੰਗੇ ਅਨਦਿਨੁ ਗੁਰ ਮਿਲਿ ਗਾਏ ॥੧॥ਰਹਾਉ॥

ਦਰਸਨ ਨਾਮ ਕਉ ਮਨੁ ਆਛੈ ॥ ਭ੍ਰਮਿ ਆਇਓ ਹੈ ਸਗਲ ਥਾਨ ਰੇ ਆਹਿ ਪਰਿਓ ਸੰਤ ਪਾਛੈ ॥੧॥ਰਹਾਉ॥	ਮਹਲਾ ੫	੫੩੩
ਅੰਮ੍ਰਿਤਾ ਪ੍ਰਿਅ ਬਚਨ ਤੁਹਾਰੇ ॥ ਅਤਿ ਸੁੰਦਰ ਮਨਮੋਹਨ ਪਿਆਰੇ ਸਭਹੂ ਮਧਿ ਨਿਰਾਰੇ ॥੧॥ਰਹਾਉ॥	ਮਹਲਾ ੫	੫੩੪
ਹਰਿ ਜਪਿ ਸੇਵਕੁ ਪਾਰਿ ਉਤਾਰਿਓ ॥ ਦੀਨ ਦਇਆਲ ਭਏ ਪ੍ਰਭ ਅਪਨੇ ਬਹੁੜਿ ਜਨਮਿ ਨਹੀ ਮਾਰਿਓ ॥੧॥ਰਹਾਉ॥	ਮਹਲਾ ੫	੫੩੪
ਕਰਤ ਫਿਰੇ ਬਨ ਭੇਖ ਮੋਹਨ ਰਹਤ ਨਿਰਾਰ ॥੧॥ਰਹਾਉ॥	ਮਹਲਾ ੫	੫੩੪
ਮੈ ਪੇਖਿਓ ਰੀ ਊਚਾ ਮੋਹਨੁ ਸਭ ਤੇ ਊਚਾ ॥ ਆਨ ਨ ਸਮਸਰਿ ਕੋਊ ਲਾਗੈ ਢੂਢਿ ਰਹੇ ਹਮ ਮੂਚਾ ॥੧॥ਰਹਾਉ॥	ਮਹਲਾ ੫	੫੩੪
ਮੈ ਬਹੁ ਬਿਧਿ ਪੇਖਿਓ ਦੂਜਾ ਨਾਹੀ ਰੀ ਕੋਊ ॥ ਖੰਡ ਦੀਪ ਸਭ ਭੀਤਰਿ ਰਵਿਆ ਪੂਰਿ ਰਹਿਓ ਸਭ ਲੋਊ ॥੧॥ਰਹਾਉ॥	ਮਹਲਾ ੫	੫੩੫
ਏਕੈ ਰੇ ਹਰਿ ਏਕੈ ਜਾਨ ॥ ਏਕੈ ਰੇ ਗੁਰਮੁਖਿ ਜਾਨ ॥੧॥ਰਹਾਉ॥	ਮਹਲਾ ੫	੫੩੫
ਜਾਨੀ ਨ ਜਾਈ ਤਾ ਕੀ ਗਾਤਿ ॥੧॥ਰਹਾਉ॥	ਮਹਲਾ ੫	੫੩੫
ਧਿਆਏ ਗਾਏ ਕਰਨੈਹਾਰ ॥ ਭਉ ਨਾਹੀ ਸੁਖ ਸਹਜ ਅਨੰਦਾ ਅਨਿਕ ਓਹੀ ਰੇ ਏਕ ਸਮਾਰ ॥੧॥ਰਹਾਉ॥	ਮਹਲਾ ੫	੫੩੫
ਉਲਟੀ ਰੇ ਮਨ ਉਲਟੀ ਰੇ ॥ ਸਾਕਤ ਸਿਉ ਕਰਿ ਉਲਟੀ ਰੇ ॥ ਝੂਠੈ ਕੀ ਰੇ ਝੂਠੁ ਪਰੀਤਿ ਛੁਟਕੀ ਰੇ ਮਨ ਛੁਟਕੀ ਰੇ ਸਾਕਤ ਸੰਗਿ ਨ ਛੁਟਕੀ ਰੇ ॥੧॥ਰਹਾਉ॥	ਮਹਲਾ ੫	੫੩੫
ਸਭ ਦਿਨ ਕੇ ਸਮਰਥ ਪੰਥ ਬਿਠੁਲੇ ਹਉ ਬਲਿ ਬਲਿ ਜਾਉ ॥ ਗਾਵਨ ਭਾਵਨ ਸੰਤਨ ਤੋਰੈ ਚਰਨ ਉਵਾ ਕੈ ਪਾਉ ॥੧॥ਰਹਾਉ॥	ਮਹਲਾ ੫	੫੩੬
ਯਹ ਮਨੁ ਨੈਕ ਨ ਕਹਿਓ ਕਰੈ ॥ ਸੀਖ ਸਿਖਾਇ ਰਹਿਓ ਅਪਨੀ ਸੀ ਦੁਰਮਤਿ ਤੇ ਨ ਟਰੈ ॥੧॥ਰਹਾਉ॥	ਮਹਲਾ ੯	੫੩੬
ਸਭ ਕਿਛੁ ਜੀਵਤ ਕੋ ਬਿਵਹਾਰ ॥ ਮਾਤ ਪਿਤਾ ਭਾਈ ਸੁਤ ਬੰਧਪ ਅਰੁ ਫੁਨਿ ਗ੍ਰਿਹ ਕੀ ਨਾਰਿ ॥੧॥ਰਹਾਉ॥	ਮਹਲਾ ੯	੫੩੬
ਜਗਤ ਮੈ ਝੂਠੀ ਦੇਖੀ ਪ੍ਰੀਤਿ ॥ ਅਪਨੇ ਹੀ ਸੁਖ ਸਿਉ ਸਭ ਲਾਗੇ ਕਿਆ ਦਾਰਾ ਕਿਆ ਮੀਤ ॥੧॥ਰਹਾਉ॥	ਮਹਲਾ ੯	੫੩੬

ਰਾਗੁ ਬਿਹਾਗੜਾ

ਤਉ ਮੈ ਹਰਿ ਹਰਿ ਕਰੀਆ ॥ ਤਉ ਸੁਖ ਸਹਜਰੀਆ ॥੧॥ਰਹਾਉ॥	ਮਹਲਾ ੫	੫੩੭
ਹਰਿ ਕੀ ਗਤਿ ਨਹਿ ਕੋਊ ਜਾਨੈ ॥ ਜੋਗੀ ਜਤੀ ਤਪੀ ਪਚਿ ਹਾਰੇ ਅਰੁ ਬਹੁ ਲੋਗ ਸਿਆਨੇ ॥੧॥ਰਹਾਉ॥	ਮਹਲਾ ੯	੫੩੭

ਰਾਗੁ ਵਡਹੰਸੁ

ਹਉ ਵਾਰੀ ਵੰਞਾ ਘੁੰਨੀਐ ਵੰਞਾ ਤਉ ਸਾਹਿਬ ਕੇ ਨਾਵੈ ॥੧॥ਰਹਾਉ॥	ਮਹਲਾ ੧	੫੫੭
ਮੇਰਾ ਕੰਤੁ ਰੀਸਾਲੂ ਕੀ ਧਨ ਅਵਰਾ ਰਾਵੇ ਜੀ ॥੧॥ਰਹਾਉ॥	ਮਹਲਾ ੧	੫੫੭
ਜਪਿ ਮਨ ਮੇਰੇ ਤੂ ਏਕੋ ਨਾਮੁ ॥ ਸਤਿਗੁਰਿ ਦੀਆ ਮੋ ਕਉ ਏਹੁ ਨਿਧਾਨੁ ॥੧॥ਰਹਾਉ॥	ਮਹਲਾ ੩	੫੫੮
ਮੇਰੇ ਮਨ ਚੇਤਿ ਸਚਾ ਸੋਇ ॥ ਏਕੋ ਚੇਤਹਿ ਤਾ ਸੁਖੁ ਪਾਵਹਿ ਫਿਰਿ ਦੂਖੁ ਨ ਮੂਲੇ ਹੋਇ ॥੧॥ਰਹਾਉ॥	ਮਹਲਾ ੩	੫੫੮
ਮਨ ਮੇਰੇ ਗੁਰਮਤਿ ਕਰਣੀ ਸਾਰੁ ॥ ਸਦਾ ਸਦਾ ਹਰਿ ਪ੍ਰਭੁ ਰਵਹਿ ਤਾ ਪਾਵਹਿ ਮੋਖ ਦੁਆਰੁ ॥੧॥ਰਹਾਉ॥	ਮਹਲਾ ੩	੫੫੯
ਮੇਰੇ ਮਨ ਤੂ ਹਰਿ ਹਰਿ ਨਾਮੁ ਧਿਆਇ ॥ ਸਤਗੁਰਿ ਮੋ ਕਉ ਹਰਿ ਦੀਆ ਬੁਝਾਇ ॥੧॥ਰਹਾਉ॥	ਮਹਲਾ ੩	੫੫੯
ਹਰਿ ਕਰਿ ਕਿਰਪਾ ਸਤਗੁਰੂ ਮਿਲਾਇਆ ॥ ਪੂਰੈ ਸਤਗੁਰਿ ਹਰਿ ਨਾਮੁ ਧਿਆਇਆ ॥੧॥ਰਹਾਉ॥	ਮਹਲਾ ੩	੫੫੯
ਗੁਰਮੁਖਿ ਮਨ ਮੇਰੇ ਨਾਮੁ ਸਮਾਲਿ ॥ ਸਦਾ ਨਿਬਹੈ ਚਲੈ ਤੇਰੈ ਨਾਲਿ ॥ਰਹਾਉ॥	ਮਹਲਾ ੩	੫੬੦
ਸਦਾ ਸੁਖੁ ਸਾਚੈ ਸਬਦਿ ਵੀਚਾਰੀ ॥ ਆਪਣੇ ਸਤਗੁਰ ਵਿਟਹੁ ਸਦਾ ਬਲਿਹਾਰੀ ॥੧॥ਰਹਾਉ॥	ਮਹਲਾ ੩	੫੬੦
ਏ ਮਨ ਨਾਮੁ ਨਿਧਾਨੁ ਤੂ ਪਾਇ ॥ ਆਪਣੇ ਗੁਰ ਕੀ ਮੰਨਿ ਲੈ ਰਜਾਇ ॥੧॥ਰਹਾਉ॥	ਮਹਲਾ ੩	੫੬੦
ਹਰਿ ਚੇਤਿ ਮਨ ਮੇਰੇ ਤੂ ਗੁਰ ਕਾ ਸਬਦੁ ਕਮਾਇ ॥ ਹੁਕਮੁ ਮੰਨਹਿ ਤਾ ਹਰਿ ਮਿਲੈ ਤਾ ਵਿਚਹੁ ਹਉਮੈ ਜਾਇ ॥ਰਹਾਉ॥	ਮਹਲਾ ੩	੫੬੦
ਮੈ ਪ੍ਰਭ ਮਿਲਣ ਪ੍ਰੇਮ ਮਨਿ ਆਸਾ ॥ ਗੁਰੁ ਪੂਰਾ ਮੇਲਾਵੈ ਮੇਰਾ ਪ੍ਰੀਤਮੁ ਹਉ ਵਾਰਿ ਵਾਰਿ ਆਪਣੇ ਗੁਰੂ ਕਉ ਜਾਸਾ ॥੧॥ ਰਹਾਉ	ਮਹਲਾ ੪	੫੬੦
ਹਉ ਕਿਉ ਕਰਿ ਪਿਰ ਕਉ ਮਿਲਉ ਇਆਣੀ ॥ ਜੋ ਪਿਰ ਭਾਵੈ ਸਾ ਸੋਹਾਗਣਿ ਸਾਈ ਪਿਰ ਕਉ ਮਿਲੈ ਸਿਆਣੀ ॥੧॥ਰਹਾਉ॥	ਮਹਲਾ ੪	੫੬੧
ਸੁਹਾਵੀ ਕਉਣੁ ਸੁ ਵੇਲਾ ਜਿਤੁ ਪ੍ਰਭ ਮੇਲਾ ॥੧॥ਰਹਾਉ॥	ਮਹਲਾ ੫	੫੬੨
ਜੀਅ ਕੇ ਦਾਤੇ ਪ੍ਰੀਤਮ ਪ੍ਰਭ ਮੇਰੇ ॥ ਮਨੁ ਜੀਵੈ ਪ੍ਰਭ ਨਾਮੁ ਚਿਤੇਰੇ ॥੧॥ਰਹਾਉ॥	ਮਹਲਾ ੫	੫੬੨
ਸੇਵਕ ਕੀ ਅਰਦਾਸਿ ਪਿਆਰੇ ॥ ਜਪਿ ਜੀਵਾ ਪ੍ਰਭ ਚਰਣ ਤੁਮਾਰੇ ॥੧॥ਰਹਾਉ॥	ਮਹਲਾ ੫	੫੬੨
ਕਰਿ ਕਿਰਪਾ ਪ੍ਰਭ ਦੀਨ ਦਇਆਲਾ ॥ ਤੇਰੀ ਓਟ ਪੂਰਨ ਗੋਪਾਲਾ ॥੧॥ਰਹਾਉ॥	ਮਹਲਾ ੫	੫੬੩
ਮੇਰੇ ਪ੍ਰਭ ਪ੍ਰੀਤਮ ਨਾਮੁ ਅਧਾਰਾ ॥ ਹਉ ਸੁਣਿ ਸੁਣਿ ਜੀਵਾ ਨਾਮੁ ਤੁਮਾਰਾ ॥੧॥ਰਹਾਉ॥	ਮਹਲਾ ੫	੫੬੩
ਵਡਭਾਗੀ ਗੁਰੁ ਪੂਰਾ ਪਾਈਐ ॥ ਗੁਰ ਕਿਰਪਾ ਤੇ ਪ੍ਰਭੂ ਧਿਆਈਐ ॥੧॥ਰਹਾਉ॥	ਮਹਲਾ ੫	੫੬੩
ਵਿਸਰੁ ਨਾਹੀ ਪ੍ਰਭ ਦੀਨ ਦਇਆਲਾ ॥ ਤੇਰੀ ਸਰਣਿ ਪੂਰਨ ਕਿਰਪਾਲਾ ॥੧॥ਰਹਾਉ॥	ਮਹਲਾ ੫	੫੬੩

ਤੂ ਅਚਰਜੁ ਕੁਦਰਤਿ ਤੇਰੀ ਬਿਸਮਾ ॥੧॥ਰਹਾਉ॥ ਮਹਲਾ ੫ ੫੬੩
ਮਨ ਮੇਰੇ ਸਾਚੇ ਨਾਮ ਵਿਟਹੁ ਬਲਿ ਜਾਉ ॥ ਮਹਲਾ ੩ ੫੬੪
ਦਾਸਨਿ ਦਾਸਾ ਹੋਇ ਰਹਹਿ ਤਾ ਪਾਵਹਿ ਸਚਾ ਨਾਉ ॥੧॥ਰਹਾਉ॥
ਵਾਹੁ ਵਾਹੁ ਸਹਜੇ ਗੁਣ ਰਵੀਜੈ ॥ ਰਾਮ ਨਾਮੁ ਇਸੁ ਜੁਗ ਮਹਿ ਦੁਲਭੁ ਹੈ ਗੁਰਮਤਿ ਹਰਿ ਰਸੁ ਪੀਜੈ ॥੧॥ਰਹਾਉ॥ ਮਹਲਾ ੩ ੫੬੫
ਸਚੜਾ ਸਾਹਿਬੁ ਸਚੁ ਤੂ ਸਚੜਾ ਦੇਹਿ ਪਿਆਰੋ ॥ਰਹਾਉ॥ ਮਹਲਾ ੧ ੫੮੦

ਰਾਗੁ ਸੋਰਠਿ

ਭੀ ਸਾਲਾਹਿਹੁ ਸਾਚਾ ਸੋਇ ॥ ਜਾ ਕੀ ਨਦਰਿ ਸਦਾ ਸੁਖੁ ਹੋਇ ॥ਰਹਾਉ॥ ਮਹਲਾ ੧ ੫੯੫
ਬਾਬਾ ਮਾਇਆ ਸਾਥਿ ਨ ਹੋਇ ॥ ਮਹਲਾ ੧ ੫੯੫
ਇਨਿ ਮਾਇਆ ਜਗੁ ਮੋਹਿਆ ਵਿਰਲਾ ਬੂਝੈ ਕੋਇ ॥ਰਹਾਉ॥
ਮਨੁ ਮਾਨਿਆ ਨਾਮੁ ਸਖਾਈ ॥ ਮਹਲਾ ੧ ੫੯੬
ਪਾਇ ਪਰਉ ਗੁਰ ਕੈ ਬਲਿਹਾਰੈ ਜਿਨਿ ਸਾਚੀ ਬੂਝ ਬੁਝਾਈ ॥ਰਹਾਉ॥
ਮੇਰੇ ਸਾਹਿਬਾ ਤੇਰੇ ਚੋਜ ਵਿਡਾਣਾ ॥ ਮਹਲਾ ੧ ੫੯੬
ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਆਪੇ ਸਰਬ ਸਮਾਣਾ ॥ਰਹਾਉ॥
ਕਰਤਾ ਤੂ ਮੈ ਮਾਣੁ ਨਿਮਾਣੇ ॥ ਮਹਲਾ ੧ ੫੯੬
ਮਾਣੁ ਮਹਤੁ ਨਾਮੁ ਧਨੁ ਪਲੈ ਸਾਚੈ ਸਬਦਿ ਸਮਾਣੇ ॥ਰਹਾਉ॥
ਸਾਚੇ ਸਚਿਆਰ ਵਿਟਹੁ ਕੁਰਬਾਣੁ ॥ ਮਹਲਾ ੧ ੫੯੭
ਨਾ ਤਿਸੁ ਰੂਪ ਵਰਨੁ ਨਹੀ ਰੇਖਿਆ ਸਾਚੈ ਸਬਦਿ ਨੀਸਾਣੁ ॥ਰਹਾਉ॥
ਮਨ ਰੇ ਰਾਮ ਨਾਮ ਜਸੁ ਲੇਇ ॥ ਮਹਲਾ ੧ ੫੯੭
ਬਿਨੁ ਗੁਰ ਇਹੁ ਰਸੁ ਕਿਉ ਲਹਉ ਗੁਰੁ ਮੇਲੈ ਹਰਿ ਦੇਇ ॥ਰਹਾਉ॥
ਘਟਿ ਘਟਿ ਰਵਿ ਰਹਿਆ ਬਨਵਾਰੀ ॥ ਜਲਿ ਥਲਿ ਮਹੀਅਲਿ ਗੁਪਤੋ ਵਰਤੈ ਗੁਰ ਸਬਦੀ ਦੇਖਿ ਨਿਹਾਰੀ ਜੀਉ ॥ਰਹਾਉ॥ ਮਹਲਾ ੧ ੫੯੭
ਮਨ ਰੇ ਥਿਰੁ ਰਹੁ ਮਤੁ ਕਤ ਜਾਹੀ ਜੀਉ ॥ ਬਾਹਰਿ ਢੂਢਤ ਬਹੁਤੁ ਦੁਖੁ ਪਾਵਹਿ ਘਰਿ ਅੰਮ੍ਰਿਤੁ ਘਟ ਮਾਹੀ ਜੀਉ ॥ਰਹਾਉ॥ ਮਹਲਾ ੧ ੫੯੮
ਮਨ ਰੇ ਸਮਝੁ ਕਵਨ ਮਤਿ ਲਾਗਾ ॥ ਮਹਲਾ ੧ ੫੯੮
ਨਾਮੁ ਵਿਸਾਰਿ ਅਨ ਰਸ ਲੋਭਾਨੇ ਫਿਰਿ ਪਛੁਤਾਹਿ ਅਭਾਗਾ ॥ਰਹਾਉ॥
ਮਨ ਰੇ ਰਾਮ ਜਪਹੁ ਸੁਖੁ ਹੋਈ ॥ ਮਹਲਾ ੩ ੫੯੮
ਅਹਿਨਿਸਿ ਗੁਰ ਕੇ ਚਰਨ ਸਰੇਵਹੁ ਹਰਿ ਦਾਤਾ ਭੁਗਤਾ ਸੋਈ ॥ਰਹਾਉ॥
ਮਨ ਮੇਰੇ ਗੁਰ ਬਚਨੀ ਨਿਧਿ ਪਾਈ ॥ ਤਾ ਤੇ ਸਚ ਮਹਿ ਰਹਿਆ ਸਮਾਈ ॥ਰਹਾਉ॥ ਮਹਲਾ ੧ ੫੯੯
ਮੇਰੇ ਠਾਕੁਰ ਹਮ ਬਾਰਿਕ ਸਰਣਿ ਤੁਮਾਰੀ ॥ ਮਹਲਾ ੩ ੫੯੯
ਏਕੋ ਸਚਾ ਸਚੁ ਤੂ ਕੇਵਲੁ ਆਪਿ ਮੁਰਾਰੀ ॥ਰਹਾਉ॥

ਮਨ ਮੇਰੇ ਗੁਰ ਸਬਦੀ ਹਰਿ ਪਾਇਆ ਜਾਇ ॥ ਮਹਲਾ ੩ ੬੦੦
ਬਿਨੁ ਸਬਦੈ ਜਗੁ ਭੁਲਦਾ ਫਿਰਦਾ ਦਰਗਹ ਮਿਲੈ ਸਜਾਇ ॥ਰਹਾਉ॥
ਹਰਿ ਜੀਉ ਸਾਚੀ ਨਦਰਿ ਤੁਮਾਰੀ ॥ ਮਹਲਾ ੩ ੬੦੦
ਆਪਣਿਆ ਦਾਸਾ ਨੋ ਕ੍ਰਿਪਾ ਕਰਿ ਪਿਆਰੇ ਰਾਖਹੁ ਪੈਜ ਹਮਾਰੀ ॥ਰਹਾਉ॥
ਹਰਿ ਜੀਉ ਤੁਮ ਆਪੇ ਦੇਹੁ ਬੁਝਾਈ ॥ ਹਰਿ ਜੀਉ ਤੁਧੁ ਵਿਟਹੁ ਵਾਰਿਆ ਸਦ ਹੀ ਮਹਲਾ ੩ ੬੦੧
ਤੇਰੇ ਨਾਮ ਵਿਟਹੁ ਬਲਿ ਜਾਈ ॥ਰਹਾਉ॥
ਮਨ ਮੇਰੇ ਹਰਿ ਜੀਉ ਸਦਾ ਸਮਾਲਿ ॥ ਮਹਲਾ ੩ ੬੦੧
ਅੰਤ ਕਾਲਿ ਤੇਰਾ ਬੇਲੀ ਹੋਵੈ ਸਦਾ ਨਿਬਹੈ ਤੇਰੈ ਨਾਲਿ ॥ਰਹਾਉ॥
ਹਰਿ ਕੇ ਦਾਸ ਸੁਹੇਲੇ ਭਾਈ ॥ ਮਹਲਾ ੩ ੬੦੧
ਜਨਮ ਜਨਮ ਕੇ ਕਿਲਬਿਖ ਦੁਖ ਕਾਟੇ ਆਪੇ ਮੇਲਿ ਮਿਲਾਈ ॥ਰਹਾਉ॥
ਭਾਈ ਰੇ ਸਦਾ ਰਹਹੁ ਸਰਣਾਈ ॥ ਮਹਲਾ ੩ ੬੦੨
ਆਪਣੀ ਨਦਰਿ ਕਰੇ ਪਤਿ ਰਾਖੈ ਹਰਿ ਨਾਮੋ ਦੇ ਵਡਿਆਈ ॥ਰਹਾਉ॥
ਮਨ ਰੇ ਹਰਿ ਹਰਿ ਸੇਤੀ ਲਿਵ ਲਾਇ ॥ ਮਹਲਾ ੩ ੬੦੩
ਮਨ ਹਰਿ ਜਪਿ ਮੀਠਾ ਲਾਗੈ ਭਾਈ ਗੁਰਮੁਖਿ ਪਾਏ ਹਰਿ ਥਾਇ ॥ਰਹਾਉ॥
ਮਨ ਰੇ ਤ੍ਰੈ ਗੁਣ ਛੋਡਿ ਚਉਥੈ ਚਿਤੁ ਲਾਇ ॥ ਮਹਲਾ ੩ ੬੦੩
ਹਰਿ ਜੀਉ ਤੇਰੈ ਮਨਿ ਵਸੈ ਭਾਈ ਸਦਾ ਹਰਿ ਕੇ ਗੁਣ ਗਾਇ ॥ਰਹਾਉ॥
ਪ੍ਰਾਣੀ ਸਤਿਗੁਰੁ ਸੇਵਿ ਸੁਖੁ ਪਾਇ ॥ ਸਤਿਗੁਰੁ ਸੇਵਹਿ ਤਾ ਸੁਖੁ ਪਾਵਹਿ ਨਾਹਿ ਤ ਮਹਲਾ ੩ ੬੦੩
ਜਾਹਿਗਾ ਜਨਮੁ ਗਵਾਇ ॥ਰਹਾਉ॥
ਹਰਿ ਜੀਉ ਕ੍ਰਿਪਾ ਕਰਹੁ ਤੁਮ ਪਿਆਰੇ ॥ ਮਹਲਾ ੩ ੬੦੩
ਸਤਿਗੁਰੁ ਦਾਤਾ ਮੇਲਿ ਮਿਲਾਵਹੁ ਹਰਿ ਨਾਮੁ ਦੇਵਹੁ ਆਧਾਰੇ ॥ਰਹਾਉ॥
ਬਿਨੁ ਸਤਿਗੁਰ ਸਭੁ ਜਗੁ ਬਉਰਾਨਾ ॥ ਮਹਲਾ ੩ ੬੦੪
ਮਨਮੁਖਿ ਅੰਧਾ ਸਬਦੁ ਨ ਜਾਣੈ ਝੂਠੈ ਭਰਮਿ ਭੁਲਾਨਾ ॥ਰਹਾਉ॥
ਜਪਿ ਮਨ ਹਰਿ ਹਰਿ ਨਾਮੁ ਸਲਾਹ ॥ ਮਹਲਾ ੪ ੬੦੪
ਗੁਰ ਕਿਰਪਾ ਤੇ ਪਾਈਐ ਪਿਆਰਾ ਅੰਮ੍ਰਿਤੁ ਅਗਮ ਅਥਾਹ ॥ਰਹਾਉ॥
ਮੇਰੇ ਮਨ ਮੈ ਹਰਿ ਬਿਨੁ ਅਵਰੁ ਨ ਕੋਇ ॥ ਸਤਿਗੁਰ ਵਿਚਿ ਨਾਮੁ ਨਿਧਾਨੁ ਹੈ ਮਹਲਾ ੪ ੬੦੫
ਪਿਆਰਾ ਕਰਿ ਦਇਆ ਅੰਮ੍ਰਿਤੁ ਮੁਖਿ ਚੋਇ ॥ਰਹਾਉ॥
ਜਪਿ ਮਨ ਹਰਿ ਹਰਿ ਨਾਮ ਰਸਿ ਧ੍ਰਾਪੈ ॥ ਮਹਲਾ ੪ ੬੦੫
ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰ ਸਬਦੀ ਚਖਿ ਜਾਪੈ ॥ਰਹਾਉ॥
ਮੇਰੇ ਮਨ ਹਰਿ ਹਰਿ ਧਿਆਇ ਸੁਖੁ ਪਾਇਆ ॥ ਮਹਲਾ ੪ ੬੦੫
ਹਰਿ ਹਰਿ ਨਾਮੁ ਨਿਧਾਨੁ ਹੈ ਪਿਆਰਾ ਗੁਰਿ ਪੂਰੈ ਮੀਠਾ ਲਾਇਆ ॥ਰਹਾਉ॥
ਮੇਰੇ ਮਨ ਜਪਿ ਰਾਮ ਨਾਮੁ ਨੀਸਾਣੁ ॥ ਸਤਸੰਗਤਿ ਮਿਲਿ ਧਿਆਇ ਤੂ ਹਰਿ ਹਰਿ ਮਹਲਾ ੪ ੬੦੬
ਬਹੁੜਿ ਨ ਆਵਣ ਜਾਣੁ ॥ਰਹਾਉ॥
ਮੇਰੇ ਮਨ ਜਪਿ ਰਾਮ ਨਾਮੁ ਓਮਾਹਾ ॥ ਮਹਲਾ ੪ ੬੦੬
ਅਨਦਿਨੁ ਅਨਦੁ ਹੋਵੈ ਵਡਭਾਗੀ ਲੈ ਗੁਰਿ ਪੂਰੈ ਹਰਿ ਲਾਹਾ ॥ਰਹਾਉ॥
ਗੋਬਿਦ ਪ੍ਰੀਤਿ ਲਗੀ ਅਤਿ ਪਿਆਰੀ ॥ ਮਹਲਾ ੪ ੬੦੭

ਜਬ ਸਤਸੰਗ ਭਏ ਸਾਧੂ ਜਨ ਹਿਰਦੈ ਮਿਲਿਆ ਸਾਂਤਿ ਮੁਰਾਰੀ ॥ਰਹਾਉ॥		
ਮੇਰੇ ਪ੍ਰਭ ਕਿਰਪਾ ਜਲੁ ਦੇਵਹੁ ਹਰਿ ਨਾਈ ॥	ਮਹਲਾ ੪	੬੦੭
ਹਉ ਅੰਤਰਿ ਨਾਮੁ ਮੰਗਾ ਦਿਨੁ ਰਾਤੀ ਨਾਮੇ ਹੀ ਸਾਂਤਿ ਪਾਈ ॥ਰਹਾਉ॥		
ਮੇਰੇ ਗੋਬਿਦ ਅਪੁਨੇ ਜਨ ਕਉ ਦੇਹਿ ਵਡਿਆਈ ॥	ਮਹਲਾ ੪	੬੦੭
ਗੁਰਮਤਿ ਰਾਮ ਨਾਮੁ ਪਰਗਾਸਹੁ ਸਦਾ ਰਹਹੁ ਸਰਣਾਈ ॥ਰਹਾਉ॥		
ਹਰਿ ਜੀਉ ਤੇਰੀ ਦਾਤੀ ਰਾਜਾ ॥	ਮਹਲਾ ੫	੬੦੮
ਮਾਣਸੁ ਬਪੁੜਾ ਕਿਆ ਸਾਲਾਹੀ ਕਿਆ ਤਿਸ ਕਾ ਮੁਹਤਾਜਾ ॥ਰਹਾਉ॥		
ਸੋਈ ਸਚੁ ਅਰਾਧਣਾ ਭਾਈ ਜਿਸ ਤੇ ਸਭੁ ਕਿਛੁ ਹੋਇ ॥	ਮਹਲਾ ੫	੬੦੮
ਗੁਰਿ ਪੂਰੈ ਜਾਣਾਇਆ ਭਾਈ ਤਿਸੁ ਬਿਨੁ ਅਵਰੁ ਨ ਕੋਇ ॥ਰਹਾਉ॥		
ਮਾਧਵੇ ਐਸੀ ਦੇਹੁ ਬੁਝਾਈ ॥	ਮਹਲਾ ੫	੬੦੯
ਸੇਵਉ ਸਾਧ ਗਹਉ ਓਟ ਚਰਨਾ ਨਹ ਬਿਸਰੈ ਮੁਹਤੁ ਚਸਾਈ ॥ਰਹਾਉ॥		
ਰੇ ਨਰ ਕਾਹੇ ਪਪੋਰਹੁ ਦੇਹੀ ॥	ਮਹਲਾ ੫	੬੦੯
ਊਡਿ ਜਾਇਗੋ ਧੂਮੁ ਬਾਦਰੋ ਇਕੁ ਭਾਜਹੁ ਰਾਮੁ ਸਨੇਹੀ ॥ਰਹਾਉ॥		
ਅਪੁਨੇ ਸਤਿਗੁਰ ਕੈ ਬਲਿਹਾਰੈ ॥	ਮਹਲਾ ੫	੬੦੯
ਆਗੈ ਸੁਖੁ ਪਾਛੈ ਸੁਖ ਸਹਜਾ ਘਰਿ ਆਨੰਦੁ ਹਮਾਰੈ ॥ਰਹਾਉ॥		
ਮਨ ਮੇਰੇ ਜਿਨਿ ਅਪੁਨਾ ਭਰਮੁ ਗਵਾਤਾ ॥	ਮਹਲਾ ੫	੬੧੦
ਤਿਸ ਕੈ ਭਾਣੈ ਕੋਇ ਨ ਭੂਲਾ ਜਿਨਿ ਸਗਲੋ ਬ੍ਰਹਮੁ ਪਛਾਤਾ ॥ਰਹਾਉ॥		
ਸੰਤਨ ਬਿਨੁ ਅਵਰੁ ਨ ਦਾਤਾ ਬੀਆ ॥	ਮਹਲਾ ੫	੬੧੦
ਜੋ ਜੋ ਸਰਣਿ ਪਰੈ ਸਾਧੂ ਕੀ ਸੋ ਪਾਰਗਰਾਮੀ ਕੀਆ ॥ਰਹਾਉ॥		
ਤੇਰੀ ਅਕਥ ਕਥਾ ਕਥਨੁ ਨ ਜਾਈ ॥	ਮਹਲਾ ੫	੬੧੦
ਗੁਣ ਨਿਧਾਨ ਸੁਖਦਾਤੇ ਸੁਆਮੀ ਸਭ ਤੇ ਊਚ ਬਡਾਈ ॥ਰਹਾਉ॥		
ਮੇਰੇ ਮਨ ਸਾਧ ਸਰਣਿ ਛੁਟਕਾਰਾ ॥ ਬਿਨੁ ਗੁਰ ਪੂਰੇ ਜਨਮ ਮਰਣੁ ਨ ਰਹਈ ਫਿਰਿ ਆਵਤ ਬਾਰੋ ਬਾਰਾ ॥ਰਹਾਉ॥	ਮਹਲਾ ੫	੬੧੧
ਹਰਿ ਰਸੁ ਪੀਵਹੁ ਪੁਰਖ ਗਿਆਨੀ ॥	ਮਹਲਾ ੫	੬੧੧
ਸੁਣਿ ਸੁਣਿ ਮਹਾ ਤ੍ਰਿਪਤਿ ਮਨੁ ਪਾਵੈ ਸਾਧੂ ਅੰਮ੍ਰਿਤ ਬਾਨੀ ॥ਰਹਾਉ॥		
ਪ੍ਰਭ ਬਾਣੀ ਸਬਦੁ ਸੁਭਾਖਿਆ ॥	ਮਹਲਾ ੫	੬੧੧
ਗਾਵਹੁ ਸੁਣਹੁ ਪੜਹੁ ਨਿਤ ਭਾਈ ਗੁਰ ਪੂਰੈ ਤੂ ਰਾਖਿਆ ॥ਰਹਾਉ॥		
ਸੁਣਿ ਮੀਤਾ ਧੂਰੀ ਕਉ ਬਲਿ ਜਾਈ ॥ ਇਹੁ ਮਨੁ ਤੇਰਾ ਭਾਈ ॥ਰਹਾਉ॥	ਮਹਲਾ ੫	੬੧੨
ਹਰਿ ਆਰਾਧਿ ਨ ਜਾਨਾ ਰੇ ॥ ਹਰਿ ਹਰਿ ਗੁਰੁ ਗੁਰੁ ਕਰਤਾ ਰੇ ॥	ਮਹਲਾ ੫	੬੧੨
ਹਰਿ ਜੀਉ ਨਾਮੁ ਪਰਿਓ ਰਾਮਦਾਸੁ ॥ਰਹਾਉ॥		
ਦੇਖਹੁ ਅਚਰਜੁ ਭਇਆ ॥	ਮਹਲਾ ੫	੬੧੨
ਜਿਹ ਠਾਕੁਰ ਕਉ ਸੁਨਤ ਅਗਾਧਿ ਬੋਧਿ ਸੋ ਰਿਦੈ ਗੁਰਿ ਦਇਆ ॥ਰਹਾਉ॥		
ਹਰਿ ਆਰਾਧੇ ਅਰੋਗ ਅਨਦਾਈ ॥ ਜਿਸ ਨੋ ਵਿਸਰੈ ਮੇਰਾ ਰਾਮ ਸਨੇਹੀ ਤਿਸੁ ਲਾਖ ਬੇਦਨ ਜਣੁ ਆਈ ॥ਰਹਾਉ॥	ਮਹਲਾ ੫	੬੧੨
ਹਰਿ ਜਨ ਕਉ ਇਹੀ ਸੁਹਾਵੈ ॥	ਮਹਲਾ ੫	੬੧੩

ਪੇਖਿ ਨਿਕਟਿ ਕਰਿ ਸੇਵਾ ਸਤਿਗੁਰ ਹਰਿ ਕੀਰਤਨਿ ਹੀ ਤ੍ਰਿਪਤਾਵੈ ॥ਰਹਾਉ॥
ਮਾਧੋ ਹਮ ਐਸੇ ਤੂ ਐਸਾ ॥ ਹਮ ਪਾਪੀ ਤੁਮ ਪਾਪ ਖੰਡਨ ਨੀਕੋ ਠਾਕੁਰ ਦੇਸਾ ਮਹਲਾ ੫ ੬੧੩
॥ਰਹਾਉ॥
ਮਾਧੌ ਤੂ ਠਾਕੁਰੁ ਸਿਰਿ ਮੋਰਾ ॥ ਈਹਾ ਊਹਾ ਤੁਹਾਰੋ ਧੋਰਾ ॥ਰਹਾਉ॥ ਮਹਲਾ ੫ ੬੧੩
ਹਮ ਸੰਤਨ ਸਿਉ ਬਣਿ ਆਈ ॥ ਪੂਰਬਿ ਲਿਖਿਆ ਪਾਈ ॥ ਮਹਲਾ ੫ ੬੧੪
ਇਹੁ ਮਨੁ ਤੇਰਾ ਭਾਈ ॥ਰਹਾਉ॥
ਪਿਆਰੇ ਤੂ ਮੇਰੋ ਸੁਖਦਾਤਾ ॥ ਮਹਲਾ ੫ ੬੧੪
ਗੁਰਿ ਪੂਰੈ ਦੀਆ ਉਪਦੇਸਾ ਤੁਮ ਹੀ ਸੰਗਿ ਪਰਾਤਾ ॥ਰਹਾਉ॥
ਪੂਰੇ ਗੁਰ ਕੀ ਦੇਖੁ ਵਡਾਈ ॥ ਤਾ ਕੀ ਕੀਮਤਿ ਕਹਣੁ ਨ ਜਾਈ ॥ਰਹਾਉ॥ ਮਹਲਾ ੫ ੬੧੪
ਸਿਮਰਹੁ ਹਰਿ ਹਰਿ ਨਾਮੁ ਪਰਾਨੀ ॥ ਬਿਨਸੈ ਕਾਚੀ ਦੇਹ ਅਗਿਆਨੀ ॥ਰਹਾਉ॥ ਮਹਲਾ ੫ ੬੧੬
ਪੂਰੈ ਗੁਰਿ ਮੇਟਿਓ ਭਰਮੁ ਅੰਧੇਰਾ ॥ ਭਜੁ ਪ੍ਰੇਮ ਭਗਤਿ ਪ੍ਰਭੁ ਨੇਰਾ ॥ਰਹਾਉ॥ ਮਹਲਾ ੫ ੬੧੬
ਮੇਰਾ ਗੁਰੁ ਹੋਆ ਆਪਿ ਸਹਾਈ ॥ ਮਹਲਾ ੫ ੬੧੬
ਸੂਖ ਸਹਜ ਆਨੰਦ ਮੰਗਲ ਰਸ ਅਚਰਜ ਭਈ ਬਡਾਈ ॥ਰਹਾਉ॥
ਪ੍ਰਭ ਜੀਉ ਤੂ ਮੇਰੋ ਸਾਹਿਬੁ ਦਾਤਾ ॥ ਮਹਲਾ ੫ ੬੧੬
ਕਰਿ ਕਿਰਪਾ ਪ੍ਰਭ ਦੀਨ ਦਇਆਲਾ ਗੁਣ ਗਾਵਉ ਰੰਗਿ ਰਾਤਾ ॥ਰਹਾਉ॥
ਮਨ ਮੂੜੇ ਦੇਖਿ ਰਹਿਓ ਪ੍ਰਭ ਸੁਆਮੀ ॥ ਮਹਲਾ ੫ ੬੧੬
ਜੋ ਕਿਛੁ ਕਰਹਿ ਸੋਈ ਸੋਈ ਜਾਣੈ ਰਹੈ ਨ ਕਛੂਐ ਛਾਨੀ ॥ਰਹਾਉ॥
ਹਰਿ ਸਾਚਾ ਸਿਮਰਹੁ ਭਾਈ ॥ ਮਹਲਾ ੫ ੬੧੬
ਸਾਧਸੰਗਿ ਸਦਾ ਸੁਖੁ ਪਾਈਐ ਹਰਿ ਬਿਸਰਿ ਨ ਕਬਹੂ ਜਾਈ ॥ਰਹਾਉ॥
ਸੰਤਹੁ ਇਹਾ ਬਤਾਵਹੁ ਕਾਰੀ ॥ ਜਿਤੁ ਹਉਮੈ ਗਰਬੁ ਨਿਵਾਰੀ ॥੧॥ਰਹਾਉ॥ ਮਹਲਾ ੫ ੬੧੬
ਸੰਤਹੁ ਘਟਿ ਘਟਿ ਰਹਿਆ ਸਮਾਹਿਓ ॥ ਪੂਰਨ ਪੂਰਿ ਰਹਿਓ ਸਰਬ ਮਹਿ ਜਲਿ ਮਹਲਾ ੫ ੬੧੭
ਥਲਿ ਰਮਈਆ ਆਹਿਓ ॥੧॥ਰਹਾਉ॥
ਜਾ ਕੋ ਨਾਮੁ ਲੈਤ ਤੂ ਸੁਖੀ ॥ ਸਾਸਿ ਸਾਸਿ ਧਿਆਵਹੁ ਠਾਕੁਰ ਕਉ ਮਨ ਤਨ ਮਹਲਾ ੫ ੬੧੭
ਜੀਅਰੇ ਮੁਖੀ ॥੧॥ਰਹਾਉ॥
ਅਪੁਨੀ ਬਿਧਿ ਆਪਿ ਜਨਾਵਹੁ ॥ ਹਰਿ ਜਨ ਮੰਗਲ ਗਾਵਹੁ ॥੧॥ਰਹਾਉ॥ ਮਹਲਾ ੫ ੬੧੭
ਹਰਿ ਹਰਿ ਸਿਮਰਹੁ ਸੰਤ ਗੋਪਾਲਾ ॥ ਮਹਲਾ ੫ ੬੧੭
ਸਾਧਸੰਗਿ ਮਿਲਿ ਨਾਮੁ ਧਿਆਵਹੁ ਪੂਰਨ ਹੋਵੈ ਘਾਲਾ ॥੧॥ਰਹਾਉ॥
ਮੇਰੇ ਮਨ ਜਪਿ ਗੁਰ ਗੋਪਾਲ ਪ੍ਰਭੁ ਸੋਈ ॥ ਮਹਲਾ ੫ ੬੧੭
ਜਾ ਕੀ ਸਰਣਿ ਪਇਆਂ ਸੁਖੁ ਪਾਈਐ ਬਾਹੁੜਿ ਦੂਖੁ ਨ ਹੋਈ ॥੧॥ਰਹਾਉ॥
ਮੇਰਾ ਬੈਦੁ ਗੁਰੂ ਗੋਵਿੰਦਾ ॥ ਮਹਲਾ ੫ ੬੧੮
ਹਰਿ ਹਰਿ ਨਾਮੁ ਅਉਖਧੁ ਮੁਖਿ ਦੇਵੈ ਕਾਟੈ ਜਮ ਕੀ ਫੰਧਾ ॥੧॥ਰਹਾਉ॥
ਪ੍ਰਭ ਜੀ ਤੂ ਮੇਰੋ ਠਾਕੁਰੁ ਨੇਰੋ ॥ ਹਰਿ ਚਰਣ ਸਰਣ ਮੋਹਿ ਚੇਰੋ ॥੧॥ਰਹਾਉ॥ ਮਹਲਾ ੫ ੬੧੮
ਭਲੋ ਸਮੂਰਤੁ ਪੂਰਾ ॥ ਮਹਲਾ ੫ ੬੧੮
ਸਾਂਤਿ ਸਹਜ ਆਨੰਦ ਨਾਮੁ ਜਪਿ ਵਾਜੇ ਅਨਹਦ ਤੂਰਾ ॥੧॥ਰਹਾਉ॥

ਮੇਰੋ ਗੁਰੁ ਰਖਵਾਰੋ ਮੀਤ ॥ ਦੂਣ ਚਊਣੀ ਦੇ ਵਡਿਆਈ ਸੋਭਾ ਨੀਤਾ ਨੀਤ ॥੧॥ਰਹਾਉ॥	ਮਹਲਾ ੫	੬੧੮
ਹਰਿ ਕੇ ਚਰਨ ਕਮਲ ਆਧਾਰ ॥ ਸੰਤ ਪ੍ਰਸਾਦਿ ਪਾਇਓ ਸਚ ਬੋਹਿਥੁ ਚੜਿ ਲੰਘਉ ਬਿਖੁ ਸੰਸਾਰ ॥੧॥ਰਹਾਉ॥	ਮਹਲਾ ੫	੬੧੮
ਸਤਿਗੁਰੁ ਪੂਰਾ ਮੇਰੈ ਨਾਲਿ ॥ ਪਾਰਬ੍ਰਹਮੁ ਜਪਿ ਸਦਾ ਨਿਹਾਲ ॥ਰਹਾਉ॥	ਮਹਲਾ ੫	੬੧੮
ਉਬਰੇ ਸਤਿਗੁਰ ਕੀ ਸਰਣਾਈ ॥ ਜਾ ਕੀ ਸੇਵ ਨ ਬਿਰਥੀ ਜਾਈ ॥ਰਹਾਉ॥	ਮਹਲਾ ੫	੬੧੯
ਹਿਰਦੈ ਹਰਿ ਕੇ ਚਰਣ ਵਸਾਈ ॥ ਸੁਖੁ ਪਾਇਆ ਸਹਜ ਧੁਨਿ ਉਪਜੀ ਰੋਗਾ ਘਾਣਿ ਮਿਟਾਈ ॥ਰਹਾਉ॥	ਮਹਲਾ ੫	੬੧੯
ਹਰਿ ਜੀਉ ਤੂ ਸੁਖ ਸੰਪਤਿ ਰਾਸਿ ॥ ਰਾਖਿ ਲੈਹੁ ਭਾਈ ਮੇਰੇ ਕਉ ਪ੍ਰਭ ਆਗੈ ਅਰਦਾਸਿ ॥ਰਹਾਉ॥	ਮਹਲਾ ੫	੬੧੯
ਮੇਰਾ ਗੁਰੁ ਪੂਰਾ ਸੁਖਦਾਤਾ ॥ ਕਰਣ ਕਾਰਣ ਸਮਰਥ ਸੁਆਮੀ ਪੂਰਨ ਪੁਰਖੁ ਬਿਧਾਤਾ ॥ਰਹਾਉ॥	ਮਹਲਾ ੫	੬੧੯
ਸਾਚਾ ਸਾਹਿਬੁ ਸਦ ਮਿਹਰਵਾਣ ॥ ਬੰਧੁ ਪਾਇਆ ਮੇਰੈ ਸਤਿਗੁਰਿ ਪੂਰੈ ਹੋਈ ਸਰਬ ਕਲਿਆਣ ॥ਰਹਾਉ॥	ਮਹਲਾ ੫	੬੧੯
ਹੋਈ ਰਾਜੇ ਰਾਮ ਕੀ ਰਖਵਾਲੀ ॥ ਸੂਖ ਸਹਜ ਆਨਦ ਗੁਣ ਗਾਵਹੁ ਮਨੁ ਤਨੁ ਦੇਹ ਸੁਖਾਲੀ ॥ਰਹਾਉ॥	ਮਹਲਾ ੫	੬੨੦
ਹਰਿ ਜਨਿ ਸਿਮਰਿਆ ਨਾਮ ਅਧਾਰਿ ॥ ਤਾਪੁ ਉਤਾਰਿਆ ਸਤਿਗੁਰਿ ਪੂਰੈ ਅਪਣੀ ਕਿਰਪਾ ਧਾਰਿ ॥ਰਹਾਉ॥	ਮਹਲਾ ੫	੬੨੦
ਹਰਿ ਕੇ ਚਰਣ ਰਿਦੈ ਉਰਿ ਧਾਰਿ ॥ ਸਦਾ ਸਦਾ ਪ੍ਰਭੁ ਸਿਮਰੀਐ ਭਾਈ ਦੁਖ ਕਿਲਬਿਖ ਕਾਟਣਹਾਰੁ ॥੧॥ਰਹਾਉ॥	ਮਹਲਾ ੫	੬੨੦
ਸੰਤਹੁ ਹਰਿ ਹਰਿ ਨਾਮੁ ਧਿਆਈ ॥ ਸੁਖ ਸਾਗਰ ਪ੍ਰਭੁ ਵਿਸਰਉ ਨਾਹੀ ਮਨ ਚਿੰਦਿਅੜਾ ਫਲੁ ਪਾਈ ॥੧॥ਰਹਾਉ॥	ਮਹਲਾ ੫	੬੨੦
ਮੇਰਾ ਸਤਿਗੁਰੁ ਰਖਵਾਲਾ ਹੋਆ ॥ ਧਾਰਿ ਕ੍ਰਿਪਾ ਪ੍ਰਭ ਹਾਥ ਦੇ ਰਾਖਿਆ ਹਰਿ ਗੋਵਿਦੁ ਨਵਾ ਨਿਰੋਆ ॥੧॥ਰਹਾਉ॥	ਮਹਲਾ ੫	੬੨੦
ਪਾਰਬ੍ਰਹਮੁ ਪੂਰਾ ਮੇਰੈ ਨਾਲਿ ॥ ਗੁਰਿ ਪੂਰੈ ਪੂਰੀ ਸਭ ਰਾਖੀ ਹੋਏ ਸਰਬ ਦਇਆਲ ॥੧॥ਰਹਾਉ॥	ਮਹਲਾ ੫	੬੨੧
ਅਬ ਢੂਢਨ ਕਤਹੁ ਨ ਜਾਈ ॥ ਗੋਬਿਦ ਭੇਟੇ ਗੁਰ ਗੋਸਾਈ ॥ਰਹਾਉ॥	ਮਹਲਾ ੫	੬੨੧
ਅਪੁਨਾ ਹੋਇਓ ਗੁਰੁ ਮਿਹਰਵਾਨਾ ॥ ਅਨਦ ਸੂਖ ਕਲਿਆਣ ਮੰਗਲ ਸਿਉ ਘਰਿ ਆਏ ਕਰਿ ਇਸਨਾਨਾ ॥ਰਹਾਉ॥	ਮਹਲਾ ੫	੬੨੧
ਸੰਤਹੁ ਰਾਮ ਨਾਮਿ ਨਿਸਤਰੀਐ ॥ ਊਠਤ ਬੈਠਤ ਹਰਿ ਹਰਿ ਧਿਆਈਐ ਅਨਦਿਨੁ ਸੁਕ੍ਰਿਤੁ ਕਰੀਐ ॥੧॥ਰਹਾਉ॥	ਮਹਲਾ ੫	੬੨੧
ਜਪਿ ਅਨਦਿ ਰਹਉ ਗੁਰ ਚਰਣਾ ॥ ਭਉ ਕਤਹਿ ਨਹੀ ਪ੍ਰਭ ਸਰਣਾ ॥ਰਹਾਉ॥	ਮਹਲਾ ੫	੬੨੨
ਹਰਿ ਕੀ ਪ੍ਰੇਮ ਭਗਤਿ ਮਨੁ ਲੀਨਾ ॥ ਨਿਤ ਬਾਜੇ ਅਨਹਤ ਬੀਨਾ ॥ਰਹਾਉ॥	ਮਹਲਾ ੫	੬੨੨
ਪਰਮੇਸਰੁ ਆਪਿ ਹੋਆ ਰਖਵਾਲਾ ॥ ਸਾਂਤਿ ਸਹਜ ਸੁਖ ਖਿਨ ਮਹਿ ਉਪਜੇ ਮਨੁ ਹੋਆ ਸਦਾ ਸੁਖਾਲਾ ॥ਰਹਾਉ॥	ਮਹਲਾ ੫	੬੨੨

ਸੰਤਹੁ ਰਾਮਦਾਸ ਸਰੋਵਰੁ ਨੀਕਾ ॥ ਮਹਲਾ ੫ ੬੨੩
ਜੋ ਨਾਵੈ ਸੋ ਕੁਲੁ ਤਰਾਵੈ ਉਧਾਰੁ ਹੋਆ ਹੈ ਜੀ ਕਾ ॥੧॥ਰਹਾਉ॥
ਅਪਨੇ ਦਾਸ ਕਾ ਸਦਾ ਰਖਵਾਲਾ ॥ ਮਹਲਾ ੫ ੬੨੩
ਕਰਿ ਕਿਰਪਾ ਅਪੁਨੇ ਕਰਿ ਰਾਖੇ ਮਾਤ ਪਿਤਾ ਜਿਉ ਪਾਲਾ ॥੧॥ਰਹਾਉ॥
ਹਰਿ ਗੁਣ ਗਾਵਹੁ ਸਦਾ ਸੁਭਾਈ ॥ ਮਹਲਾ ੫ ੬੨੩
ਮਨ ਚਿੰਦੇ ਸਗਲੇ ਫਲ ਪਾਵਹੁ ਜੀਅ ਕੈ ਸੰਗਿ ਸਹਾਈ ॥੧॥ਰਹਾਉ॥
ਗੁਰ ਕੇ ਚਰਨ ਕਵਲ ਰਿਦ ਧਾਰੇ ॥ ਮਹਲਾ ੫ ੬੨੪
ਬਿਘਨੁ ਨ ਲਾਗੈ ਤਿਲ ਕਾ ਕੋਈ ਕਾਰਜ ਸਗਲ ਸਵਾਰੇ ॥੧॥ਰਹਾਉ॥
ਹੁਣਿ ਨਹੀ ਸੰਦੇਸਰੋ ਮਾਇਓ ॥ ਮਹਲਾ ੫ ੬੨੪
ਏਕ ਕੋਸਰੋ ਸਿਧਿ ਕਰਤ ਲਾਲੁ ਤਬ ਚਤੁਰ ਪਾਤਰੋ ਆਇਓ ॥ਰਹਾਉ॥
ਸਭੁ ਰਹਿਓ ਅੰਦੇਸਰੋ ਮਾਇਓ ॥ ਜੋ ਚਾਹਤ ਸੋ ਗੁਰੂ ਮਿਲਾਇਓ ॥ ਸਰਬ ਗੁਨਾ ਮਹਲਾ ੫ ੬੨੪
ਨਿਧਿ ਰਾਇਓ ॥ਰਹਾਉ ਦੂਜਾ ॥
ਹਰਿ ਜੀਉ ਨਿਮਾਣਿਆ ਤੂ ਮਾਣੁ ॥ ਨਿਚੀਜਿਆ ਚੀਜ ਕਰੇ ਮੇਰਾ ਗੋਵਿੰਦੁ ਤੇਰੀ ਮਹਲਾ ੫ ੬੨੪
ਕੁਦਰਤਿ ਕਉ ਕੁਰਬਾਣੁ ॥ਰਹਾਉ॥
ਜਗਜੀਵਨ ਨਾਮੁ ਤੁਮਾਰਾ ॥ ਮਹਲਾ ੫ ੬੨੫
ਗੁਰ ਪੂਰੇ ਦੀਓ ਉਪਦੇਸਾ ਜਪਿ ਭਉਜਲੁ ਪਾਰਿ ਉਤਾਰਾ ॥ਰਹਾਉ॥
ਅਪਨੇ ਦਾਸ ਕੋ ਭਇਓ ਸਹਾਈ ॥ ਮਹਲਾ ੫ ੬੨੫
ਸਗਲ ਮਨੋਰਥ ਕੀਨੇ ਕਰਤੈ ਊਣੀ ਬਾਤ ਨ ਕਾਈ ॥ਰਹਾਉ॥
ਸਭਿ ਕੁਸਲ ਖੇਮ ਪ੍ਰਭਿ ਧਾਰੇ ॥ ਮਹਲਾ ੫ ੬੨੫
ਸਹੀ ਸਲਾਮਤਿ ਸਭਿ ਥੋਕ ਉਬਾਰੇ ਗੁਰ ਕਾ ਸਬਦੁ ਵੀਚਾਰੇ ॥ਰਹਾਉ॥
ਹਰਿ ਕੇ ਨਾਮ ਕੀ ਵਡਿਆਈ ॥ ਆਠ ਪਹਰ ਗੁਣ ਗਾਈ ॥ ਮਹਲਾ ੫ ੬੨੬
ਗੁਰ ਪੂਰੇ ਤੇ ਪਾਈ ॥ਰਹਾਉ॥
ਅਪਨੇ ਸਤਿਗੁਰ ਕੀ ਵਡਿਆਈ ॥ ਮਨ ਇਛੇ ਫਲ ਪਾਈ ॥ ਮਹਲਾ ੫ ੬੨੬
ਸੰਤਹੁ ਦਿਨੁ ਦਿਨੁ ਚੜੈ ਸਵਾਈ ॥ਰਹਾਉ॥
ਪ੍ਰਭ ਜੀ ਤੂ ਮੇਰੋ ਸੁਖਦਾਤਾ ॥ ਮਹਲਾ ੫ ੬੨੬
ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ ਪੁਰਖੁ ਬਿਧਾਤਾ ॥ਰਹਾਉ॥
ਸੰਤਹੁ ਤਿਸੁ ਬਿਨੁ ਅਵਰੁ ਨ ਕੋਈ ॥ ਕਰਣ ਕਾਰਣ ਪ੍ਰਭੁ ਸੋਈ ॥ਰਹਾਉ॥ ਮਹਲਾ ੫ ੬੨੬
ਬੇਦਨ ਸਤਿਗੁਰਿ ਆਪਿ ਗਵਾਈ ॥ ਮਹਲਾ ੫ ੬੨੬
ਸਿਖ ਸੰਤ ਸਭਿ ਸਰਸੇ ਹੋਏ ਹਰਿ ਹਰਿ ਨਾਮੁ ਧਿਆਈ ॥ਰਹਾਉ॥
ਮੇਰਾ ਮਾਤ ਪਿਤਾ ਹਰਿ ਰਾਇਆ ॥ ਮਹਲਾ ੫ ੬੨੬
ਕਰਿ ਕਿਰਪਾ ਪ੍ਰਤਿਪਾਲਣ ਲਾਗਾ ਕਰੀਂ ਤੇਰਾ ਕਰਾਇਆ ॥ਰਹਾਉ॥
ਮਿਲਿ ਸਾਧਸੰਗਿ ਹਰਿ ਧਿਆਇਆ ॥ ਮਹਲਾ ੫ ੬੨੭
ਆਠ ਪਹਰ ਅਰਾਧਿਓ ਹਰਿ ਹਰਿ ਮਨ ਚਿੰਦਿਆ ਫਲੁ ਪਾਇਆ ॥ਰਹਾਉ॥
ਸੰਤਹੁ ਸਾਚੀ ਸਰਣਿ ਸੁਆਮੀ ॥ ਮਹਲਾ ੫ ੬੨੭
ਜੀਅ ਜੰਤ ਸਭਿ ਹਾਥਿ ਤਿਸੈ ਕੈ ਸੋ ਪ੍ਰਭੁ ਅੰਤਰਜਾਮੀ ॥ਰਹਾਉ॥

ਸੁਭ ਚਿਤਵਨਿ ਦਾਸ ਤੁਮਾਰੇ ॥ ਮਹਲਾ ੫ ੬੨੭
ਰਾਖਹਿ ਪੈਜ ਦਾਸ ਅਪੁਨੇ ਕੀ ਕਾਰਜ ਆਪਿ ਸਵਾਰੇ ॥ਰਹਾਉ॥

ਮੇਰਾ ਪ੍ਰਭੁ ਹੋਆ ਸਦਾ ਦਇਆਲਾ ॥ ਅਰਦਾਸਿ ਸੁਣੀ ਭਗਤ ਅਪੁਨੇ ਕੀ ਸਭ ਮਹਲਾ ੫ ੬੨੭
ਜੀਅ ਭਇਆ ਕਿਰਪਾਲਾ ॥ਰਹਾਉ॥

ਸੰਤਹੁ ਹਰਿ ਹਰਿ ਹਰਿ ਆਰਾਧਹੁ ॥ ਮਹਲਾ ੫ ੬੨੭
ਹਰਿ ਆਰਾਧਿ ਸਭੋ ਕਿਛੁ ਪਾਈਐ ਕਾਰਜ ਸਗਲੇ ਸਾਧਹੁ ॥ਰਹਾਉ॥

ਸੰਤਹੁ ਸੁਖੁ ਹੋਆ ਸਭ ਥਾਈ ॥ ਮਹਲਾ ੫ ੬੨੮
ਪਾਰਬ੍ਰਹਮੁ ਪੂਰਨ ਪਰਮੇਸਰੁ ਰਵਿ ਰਹਿਆ ਸਭਨੀ ਜਾਈ ॥ਰਹਾਉ॥

ਗੁਰ ਕੇ ਚਰਣ ਊਪਰਿ ਬਲਿ ਜਾਈ ॥ ਮਹਲਾ ੫ ੬੨੮
ਦਿਨਸੁ ਰੈਨਿ ਸਾਸਿ ਸਾਸਿ ਸਮਾਲੀ ਪੂਰਨੁ ਸਭਨੀ ਥਾਈ ॥ਰਹਾਉ॥

ਹਰਿ ਕੇ ਚਰਨ ਸਦਾ ਸੁਖਦਾਈ ॥ ਮਹਲਾ ੫ ੬੨੮
ਜੋ ਇਛਹਿ ਸੋਈ ਫਲੁ ਪਾਵਹਿ ਬਿਰਥੀ ਆਸ ਨ ਜਾਈ ॥੧॥ਰਹਾਉ॥

ਹਰਿ ਹਰਿ ਨਾਮੁ ਸੰਤਨ ਕੀ ਓਟਾ ॥ ਮਹਲਾ ੫ ੬੨੮
ਜੋ ਸਿਮਰੈ ਤਿਸ ਕੀ ਗਤਿ ਹੋਵੈ ਉਧਰਹਿ ਸਗਲੇ ਕੋਟਾ ॥੧॥ਰਹਾਉ॥

ਹਰਿ ਕੀ ਭਗਤਿ ਫਲ ਦਾਤੀ ॥ ਮਹਲਾ ੫ ੬੨੮
ਗੁਰਿ ਪੂਰੈ ਕਿਰਪਾ ਕਰਿ ਦੀਨੀ ਵਿਰਲੈ ਕਿਨ ਹੀ ਜਾਤੀ ॥ਰਹਾਉ॥

ਸੰਤਹੁ ਰਾਮੁ ਜਪਤ ਸੁਖੁ ਪਾਇਆ ॥ ਸੰਤ ਅਸਥਾਨਿ ਬਸੇ ਸੁਖ ਸਹਜੇ ਸਗਲੇ ਦੂਖ ਮਹਲਾ ੫ ੬੨੯
ਮਿਟਾਇਆ ॥੧॥ਰਹਾਉ॥

ਅਪਨੇ ਕਾਜ ਕਉ ਕਿਉ ਅਲਕਾਈਐ ॥ ਜਿਤੁ ਸਿਮਰਨਿ ਦਰਗਹ ਮੁਖੁ ਊਜਲ ਮਹਲਾ ੫ ੬੨੯
ਸਦਾ ਸਦਾ ਸੁਖੁ ਪਾਈਐ ॥੧॥ਰਹਾਉ॥

ਸੰਤਹੁ ਸਾਚੇ ਕੀ ਵਡਿਆਈ ॥ ਜਿਨਿ ਅਚਰਜ ਸੋਭ ਬਣਾਈ ॥੧॥ਰਹਾਉ॥ ਮਹਲਾ ੫ ੬੨੯

ਸੰਤਹੁ ਪ੍ਰਭੁ ਮੇਰਾ ਸਦਾ ਦਇਆਲਾ ॥ ਮਹਲਾ ੫ ੬੨੯
ਅਪਨੇ ਭਗਤ ਕੀ ਗਣਤ ਨ ਗਣਈ ਰਾਖੈ ਬਾਲ ਗੁਪਾਲਾ ॥੧॥ਰਹਾਉ॥

ਹਉ ਕੁਰਬਾਨੁ ਜਾਈ ਤੇਰੇ ਨਾਵੈ ॥ ਮਹਲਾ ੫ ੬੨੯
ਜਿਸ ਨੋ ਬਖਸਿ ਲੈਹਿ ਮੇਰੇ ਪਿਆਰੇ ਸੋ ਜਸੁ ਤੇਰਾ ਗਾਵੈ ॥੧॥ਰਹਾਉ॥

ਸਾਚੇ ਸਾਹਿਬ ਸਿਉ ਮਨੁ ਮਾਨਿਆ ॥ ਹਰਿ ਸਰਬ ਨਿਰੰਤਰਿ ਜਾਨਿਆ ਮਹਲਾ ੫ ੬੨੯
॥੧॥ਰਹਾਉ॥

ਗੁਰਿ ਪੂਰੈ ਪੂਰੀ ਕੀਤੀ ॥ ਮਹਲਾ ੫ ੬੩੦
ਦੁਸਮਨ ਮਾਰਿ ਵਿਡਾਰੇ ਸਗਲੇ ਦਾਸ ਕਉ ਸੁਮਤਿ ਦੀਤੀ ॥੧॥ਰਹਾਉ॥

